# ਆਸਾ ਦੀ ਵਾਰ

ੴ ਸਤਿਗੁਰ ਪ੍ਰਸਾਦਿ ॥

ਆਸਾ ਮਹਲਾ ੪ ਛੰਤ ਘਰੁ ੪ ॥

ਹਰਿ ਅੰਮ੍ਰਿਤ ਭਿੰਨੇ ਲੋਇਣਾ ਮਨੁ ਪ੍ਰੇਮਿ ਰਤੰਨਾ ਰਾਮ ਰਾਜੇ ॥
ਮਨੁ ਰਾਮਿ ਕਸਵਟੀ ਲਾਇਆ ਕੰਚਨੁ ਸੋਵਿੰਨਾ ॥
ਗੁਰਮੁਖਿ ਰੰਗਿ ਚਲੂਲਿਆ ਮੇਰਾ ਮਨੁ ਤਨੋ ਭਿੰਨਾ ॥
ਜਨੁ ਨਾਨਕੁ ਮੁਸਕਿ ਝਕੋਲਿਆ ਸਭੁ ਜਨਮੁ ਧਨੁ ਧੰਨਾ ॥ ੧ ॥

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ ॥

ਆਸਾ ਮਹਲਾ ੧ ॥ ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸਰਾਜੈ ਕੀ ਧੁਨੀ ॥ ਸਲੋਕੁ ਮਃ ੧ ॥ ਬਲਿਹਾਰੀ ਗੁਰ ਆਪਣੇ ਦਿਉਹਾੜੀ ਸਦ ਵਾਰ ॥ ਜਿਨਿ ਮਾਣਸ ਤੇ ਦੇਵਤੇ ਕੀਏ ਕਰਤ ਨ ਲਾਗੀ ਵਾਰ ॥ ੧ ॥ ਮਹਲਾ ੨ ॥ ਜੇ ਸਉ ਚੰਦਾ ਉਗਵਹਿ ਸੂਰਜ ਚੜਹਿ ਹਜਾਰ ॥ ਏਤੇ ਚਾਨਣ ਹੋਦਿਆਂ ਗੁਰ ਬਿਨੁ ਘੋਰ ਅੰਧਾਰ ॥ ੨ ॥ ਮਃ ੧ ॥ ਨਾਨਕ ਗੁਰੂ ਨ ਚੇਤਨੀ ਮਨਿ ਆਪਣੈ ਸੁਚੇਤ ॥ ਛੁਟੇ ਤਿਲ ਬੂਆੜ ਜਿਉ ਸੁੰਞੇ ਅੰਦਰਿ ਖੇਤ ॥ ਖੇਤੈ ਅੰਦਰਿ ਛੁਟਿਆ ਕਹੁ ਨਾਨਕ ਸਉ ਨਾਹ ॥ ਫਲੀਅਹਿ ਫੁਲੀਅਹਿ ਬਪੁੜੇ ਭੀ ਤਨ ਵਿਚਿ ਸੁਆਹ ॥ ੩ ॥ ਪਉੜੀ ॥ ਆਪੀਨ੍ਹ੍ਹੈ ਆਪੁ ਸਾਜਿਓ ਆਪੀਨ੍ਹ੍ਹੈ ਰਚਿਓ ਨਾਉ ॥ ਦੁਯੀ ਕੁਦਰਤਿ ਸਾਜੀਐ ਕਰਿ ਆਸਣੁ ਡਿਠੋ ਚਾਉ ॥ ਦਾਤਾ ਕਰਤਾ ਆਪਿ ਤੂੰ ਤੁਸਿ ਦੇਵਹਿ ਕਰਹਿ ਪਸਾਉ ॥ ਤੂੰ ਜਾਣੋਈ ਸਭਸੈ ਦੇ ਲੈਸਹਿ ਜਿੰਦੁ

ਕਵਾਉ ॥ ਕਰਿ ਆਸਣੁ ਡਿਠੋ ਚਾਉ ॥ ੧ ॥

ਹਰਿ ਪ੍ਰੇਮ ਬਾਣੀ ਮਨੁ ਮਾਰਿਆ ਅਣੀਆਲੇ ਅਣੀਆ ਰਾਮ ਰਾਜੇ ॥
ਜਿਸੁ ਲਾਗੀ ਪੀਰ ਪਿਰੰਮ ਕੀ ਸੋ ਜਾਣੈ ਜਰੀਆ ॥
ਜੀਵਨ ਮੁਕਤਿ ਸੋ ਆਖੀਐ ਮਰਿ ਜੀਵੈ ਮਰੀਆ ॥
ਜਨ ਨਾਨਕ ਸਤਿਗੁਰੁ ਮੇਲਿ ਹਰਿ ਜਗੁ ਦੁਤਰੁ ਤਰੀਆ ॥ ੨ ॥

ਸਲੋਕੁ ਮਃ ੧ ॥ ਸਚੇ ਤੇਰੇ ਖੰਡ ਸਚੇ ਬ੍ਰਹਮੰਡ ॥ ਸਚੇ ਤੇਰੇ ਲੋਅ ਸਚੇ ਆਕਾਰ ॥ ਸਚੇ ਤੇਰੇ ਕਰਣੇ ਸਰਬ ਬੀਚਾਰ ॥ ਸਚਾ ਤੇਰਾ ਅਮਰੁ ਸਚਾ ਦੀਬਾਣੁ ॥ ਸਚਾ ਤੇਰਾ ਹੁਕਮੁ ਸਚਾ ਫੁਰਮਾਣੁ ॥ ਸਚਾ ਤੇਰਾ ਕਰਮੁ ਸਚਾ ਨੀਸਾਣੁ ॥ ਸਚੇ ਤੁਧੁ ਆਖਹਿ ਲਖ ਕਰੋੜਿ ॥ ਸਚੈ ਸਭਿ ਤਾਣਿ ਸਚੈ ਸਭਿ ਜੋਰਿ ॥ ਸਚੀ ਤੇਰੀ ਸਿਫਤਿ

ਸਚੀ ਸਾਲਾਹ॥ ਸਚੀ ਤੇਰੀ ਕੁਦਰਤਿ ਸਚੇ ਪਾਤਿਸਾਹ॥ ਨਾਨਕ ਸਚੁ ਧਿਆਇਨਿ ਸਚੁ॥ ਜੋ ਮਰਿ ਜੰਮੇ ਸੁ ਕਚੁਨਿ ਕਚੁ॥ ੧॥ ਮਃ ੧॥ ਵਡੀ ਵਡਿਆਈ ਜਾ ਵਡਾ ਨਾਉ॥ ਵਡੀ ਵਡਿਆਈ ਜਾ ਸਚੁ ਨਿਆਉ॥ ਵਡੀ ਵਡਿਆਈ ਜਾ ਨਿਹਚਲ ਥਾਉ॥ ਵਡੀ ਵਡਿਆਈ ਜਾਣੈ ਆਲਾਉ॥ ਵਡੀ ਵਡਿਆਈ ਬੁਝੈ ਸਭਿ ਭਾਉ॥ ਵਡੀ ਵਡਿਆਈ ਜਾ ਪੁਛਿ ਨ ਦਾਤਿ॥ ਵਡੀ ਵਡਿਆਈ ਜਾ ਆਪੇ ਆਪਿ॥ ਨਾਨਕ ਕਾਰ ਨ ਕਥਨੀ ਜਾਇ॥ ਕੀਤਾ ਕਰਣਾ ਸਰਬ ਰਜਾਇ॥ ੨॥ ਮਹਲਾ ੨॥ ਇਹੁ ਜਗੁ ਸਚੈ ਕੀ ਹੈ ਕੋਠੜੀ ਸਚੇ ਕਾ ਵਿਚਿ ਵਾਸੁ॥ ਇਕਨ੍ਾ ਹੁਕਮਿ ਸਮਾਇ ਲਏ ਇਕਨ੍ਾ ਹੁਕਮੇ ਕਰੇ ਵਿਣਾਸੁ॥ ਇਕਨ੍ਾ ਭਾਣੈ ਕਢਿ ਲਏ ਇਕਨ੍ਾ ਮਾਇਆ ਵਿਚਿ ਨਿਵਾਸੁ॥ ਏਵ ਭਿ ਆਖਿ ਨ ਜਾਪਈ ਜਿ ਕਿਸੈ ਆਣੇ ਰਾਸਿ॥ ਨਾਨਕ ਗੁਰਮੁਖਿ ਜਾਣੀਐ ਜਾ

ਕਉ ਆਪਿ ਕਰੇ ਪਰਗਾਸੁ ॥ ੩ ॥ ਪਉੜੀ ॥ ਨਾਨਕ ਜੀਅ ਉਪਾਇ ਕੈ ਲਿਖਿ ਨਾਵੈ ਧਰਮੁ ਬਹਾਲਿਆ ॥ ਓਥੈ ਸਚੇ ਹੀ ਸਚਿ ਨਿਬੜੈ ਚੁਣਿ ਵਖਿ ਕਢੇ ਜਜਮਾਲਿਆ ॥ ਥਾਉ ਨ ਪਾਇਨਿ ਕੂੜਿਆਰ ਮੁਹ ਕਾਲ੍ਹੈ ਦੋਜਕਿ ਚਾਲਿਆ ॥ ਤੇਰੈ ਨਾਇ ਰਤੇ ਸੇ ਜਿਣਿ ਗਏ ਹਾਰਿ ਗਏ ਸਿ ਠਗਣ ਵਾਲਿਆ ॥ ਲਿਖਿ ਨਾਵੈ ਧਰਮੁ ਬਹਾਲਿਆ ॥ ੨ ॥

ਹਮ ਮੂਰਖ ਮੁਗਧ ਸਰਣਾਗਤੀ ਮਿਲੁ ਗੋਵਿੰਦ ਰੰਗਾ ਰਾਮ ਰਾਜੇ ॥
ਗੁਰਿ ਪੂਰੈ ਹਰਿ ਪਾਇਆ ਹਰਿ ਭਗਤਿ ਇਕ ਮੰਗਾ ॥
ਮੇਰਾ ਮਨੁ ਤਨੁ ਸਬਦਿ ਵਿਗਾਸਿਆ ਜਪਿ ਅਨਤ ਤਰੰਗਾ ॥
ਮਿਲਿ ਸੰਤ ਜਨਾ ਹਰਿ ਪਾਇਆ ਨਾਨਕ ਸਤਸੰਗਾ ॥ ੩ ॥

ਸਲੋਕ ਮਃ ੧॥ ਵਿਸਮਾਦੁ ਨਾਦ ਵਿਸਮਾਦੁ ਵੇਦ॥ ਵਿਸਮਾਦੁ ਜੀਅ ਵਿਸਮਾਦੁ ਭੇਦ॥ ਵਿਸਮਾਦੁ ਰੂਪ ਵਿਸਮਾਦੁ ਰੰਗ॥ ਵਿਸਮਾਦੁ ਨਾਗੇ ਫਿਰਹਿ ਜੰਤ॥ ਵਿਸਮਾਦੁ ਪਉਣੁ ਵਿਸਮਾਦੁ ਪਾਣੀ॥ ਵਿਸਮਾਦੁ ਅਗਨੀ ਖੇਡਹਿ ਵਿਡਾਣੀ॥ ਵਿਸਮਾਦੁ ਧਰਤੀ ਵਿਸਮਾਦੁ ਖਾਣੀ॥ ਵਿਸਮਾਦੁ ਸਾਦਿ ਲਗਹਿ ਪਰਾਣੀ॥ ਵਿਸਮਾਦੁ ਸੰਜੋਗੁ ਵਿਸਮਾਦੁ ਵਿਜੋਗੁ॥ ਵਿਸਮਾਦੁ ਭੁਖ ਵਿਸਮਾਦੁ ਭੋਗੁ॥ ਵਿਸਮਾਦੁ ਸਿਫਤਿ ਵਿਸਮਾਦੁ ਸਾਲਾਹ॥ ਵਿਸਮਾਦੁ ਉਝੜ ਵਿਸਮਾਦੁ ਰਾਹ॥ ਵਿਸਮਾਦੁ ਨੇੜੈ ਵਿਸਮਾਦੁ ਦੂਰਿ॥ ਵਿਸਮਾਦੁ ਦੇਖੈ ਹਾਜਰਾ ਹਜੂਰਿ॥ ਵੇਖਿ ਵਿਡਾਣੁ ਰਹਿਆ ਵਿਸਮਾਦੁ॥ ਨਾਨਕ ਬੁਝਣੁ ਪੂਰੈ ਭਾਗਿ॥ ੧॥ ਮਃ ੧॥ ਕੁਦਰਤਿ ਦਿਸੈ ਕੁਦਰਤਿ ਸੁਣੀਐ ਕੁਦਰਤਿ ਭਉ ਸੁਖ ਸਾਰੁ॥ ਕੁਦਰਤਿ ਪਾਤਾਲੀ ਆਕਾਸੀ ਕੁਦਰਤਿ ਸਰਬ ਆਕਾਰੁ॥ ਕੁਦਰਤਿ ਵੇਦ ਪੁਰਾਣ ਕਤੇਬਾ

ਕੁਦਰਤਿ ਸਰਬ ਵੀਚਾਰੁ ॥ ਕੁਦਰਤਿ ਖਾਣਾ ਪੀਣਾ ਪੈਨ੍ਣੁ ਕੁਦਰਤਿ ਸਰਬ ਪਿਆਰੁ ॥ ਕੁਦਰਤਿ ਜਾਤੀ ਜਿਨਸੀ ਰੰਗੀ ਕੁਦਰਤਿ ਜੀਅ ਜਹਾਨ ॥ ਕੁਦਰਤਿ ਨੇਕੀਆ ਕੁਦਰਤਿ ਬਦੀਆ ਕੁਦਰਤਿ ਮਾਨੁ ਅਭਿਮਾਨੁ ॥ ਕੁਦਰਤਿ ਪਉਣੁ ਪਾਣੀ ਬੈਸੰਤਰੁ ਕੁਦਰਤਿ ਧਰਤੀ ਖਾਕੁ ॥ ਸਭ ਤੇਰੀ ਕੁਦਰਤਿ ਤੂੰ ਕਾਦਿਰੁ ਕਰਤਾ ਪਾਕੀ ਨਾਈ ਪਾਕੁ ॥ ਨਾਨਕ ਹੁਕਮੈ ਅੰਦਰਿ ਵੇਖੈ ਵਰਤੈ ਤਾਕੋ ਤਾਕੁ ॥ ੨ ॥ ਪਉੜੀ ॥ ਆਪੀਨੈ੍ ਭੋਗ ਭੋਗਿ ਕੈ ਹੋਇ ਭਸ ਮੜਿ ਭਉਰੁ ਸਿਧਾਇਆ ॥ ਵਡਾ ਹੋਆ ਦੁਨੀਦਾਰੁ ਗਲਿ ਸੰਗਲੁ ਘਤਿ ਚਲਾਇਆ ॥ ਅਗੈ ਕਰਣੀ ਕੀਰਤਿ ਵਾਚੀਐ ਬਹਿ ਲੇਖਾ ਕਰਿ ਸਮਝਾਇਆ ॥ ਥਾਉ ਨ ਹੋਵੀ ਪਉਦੀਈ ਹੁਣਿ ਸੁਣੀਐ ਕਿਆ ਰੂਆਇਆ ॥ ਮਨਿ ਅੰਧੈ ਜਨਮੁ ਗਵਾਇਆ ॥ ੩ ॥

ਦੀਨ ਦਇਆਲ ਸੁਣਿ ਬੇਨਤੀ ਹਰਿ ਪ੍ਰਭ ਹਰਿ ਰਾਇਆ ਰਾਮ ਰਾਜੇ॥
ਹਉ ਮਾਗਉ ਸਰਣਿ ਹਰਿ ਨਾਮ ਕੀ ਹਰਿ ਹਰਿ ਮੁਖਿ ਪਾਇਆ॥
ਭਗਤਿ ਵਛਲੁ ਹਰਿ ਬਿਰਦੁ ਹੈ ਹਰਿ ਲਾਜ ਰਖਾਇਆ॥
ਜਨੁ ਨਾਨਕੁ ਸਰਣਾਗਤੀ ਹਰਿ ਨਾਮਿ ਤਰਾਇਆ॥ ੪॥ ੧॥ ੮॥

ਸਲੋਕ ਮਃ ੧॥ ਭੈ ਵਿਚਿ ਪਵਣੁ ਵਹੈ ਸਦ ਵਾਉ॥ ਭੈ ਵਿਚਿ ਚਲਹਿ ਲਖ ਦਰੀਆਉ॥ ਭੈ ਵਿਚਿ ਅਗਨਿ ਕਢੈ ਵੇਗਾਰਿ॥ ਭੈ ਵਿਚਿ ਧਰਤੀ ਦਬੀ ਭਾਰਿ॥ ਭੈ ਵਿਚਿ ਇੰਦੁ ਫਿਰੈ ਸਿਰ ਭਾਰਿ॥ ਭੈ ਵਿਚਿ ਰਾਜਾਧਰਮ ਦੁਆਰੁ॥ ਭੈ ਵਿਚਿ ਸੂਰਜੁ ਭੈ ਵਿਚਿ ਚੰਦੁ॥ ਕੋਹ ਕਰੋੜੀ ਚਲਤ ਨ ਅੰਤੁ॥ ਭੈ ਵਿਚਿ ਸਿਧ ਬੁਧ ਸੁਰ ਨਾਥ॥ ਭੈ ਵਿਚਿ ਆਡਾਣੇ ਆਕਾਸ॥ ਭੈ ਵਿਚਿ ਜੋਧ ਮਹਾਬਲ ਸੂਰ॥ ਭੈ ਵਿਚਿ

ਆਵਹਿ ਜਾਵਹਿ ਪੂਰ॥ ਸਗਲਿਆ ਭਉ ਲਿਖਿਆ ਸਿਰਿ ਲੇਖੁ॥ ਨਾਨਕ ਨਿਰਭਉ ਨਿਰੰਕਾਰੁ ਸਚੁ ਏਕੁ॥੧॥ ਮਃ ੧॥ ਨਾਨਕ ਨਿਰਭਉ ਨਿਰੰਕਾਰੁ ਹੋਰਿ ਕੇਤੇ ਰਾਮ ਰਵਾਲ॥ ਕੇਤੀਆ ਕੰਨ੍ ਕਹਾਣੀਆ ਕੇਤੇ ਬੇਦ ਬੀਚਾਰ॥ ਕੇਤੇ ਨਚਹਿ ਮੰਗਤੇ ਗਿੜਿ ਮੁੜਿ ਪੂਰਹਿ ਤਾਲ॥ ਬਾਜਾਰੀ ਬਾਜਾਰ ਮਹਿ ਆਇ ਕਢਹਿ ਬਾਜਾਰ॥ ਗਾਵਹਿ ਰਾਜੇ ਰਾਣੀਆ ਬੋਲਹਿ ਆਲ ਪਤਾਲ॥ ਲਖ ਟਕਿਆ ਕੇ ਮੁੰਦੜੇ ਲਖ ਟਕਿਆ ਕੇ ਹਾਰ॥ ਜਿਤੁ ਤਨਿ ਪਾਈਅਹਿ ਨਾਨਕਾ ਸੇ ਤਨ ਹੋਵਹਿ ਛਾਰ॥ ਗਿਆਨੁ ਨ ਗਲੀਈ ਢੂਢੀਐ ਕਥਨਾ ਕਰੜਾ ਸਾਰੁ॥ ਕਰਮਿ ਮਿਲੈ ਤਾ ਪਾਈਐ ਹੋਰ ਹਿਕਮਤਿ ਹੁਕਮੁ ਖੁਆਰੁ॥ ੨॥ ਪਉੜੀ॥ ਨਦਰਿ ਕਰਹਿ ਜੇ ਆਪਣੀ ਤਾ ਨਦਰੀ ਸਤਿਗੁਰੁ ਪਾਇਆ॥ ਏਹੁ ਜੀਉ ਬਹੁਤੇ ਜਨਮ ਭਰੰਮਿਆ ਤਾ ਸਤਿਗੁਰਿ ਸਬਦੁ ਸੁਣਾਇਆ॥ ਸਤਿਗੁਰ ਜੇਵਡੁ ਦਾਤਾ

ਕੋ ਨਹੀ ਸਭਿ ਸੁਣਿਅਹੁ ਲੋਕ ਸਬਾਇਆ ॥ ਸਤਿਗੁਰਿ ਮਿਲਿਐ ਸਚੁ ਪਾਇਆ
ਜਿਨੀ ਵਿਚਹੁ ਆਪੁ ਗਵਾਇਆ ॥ ਜਿਨਿ ਸਚੋ ਸਚੁ ਬੁਝਾਇਆ ॥ ੪ ॥

ਆਸਾ ਮਹਲਾ ੪ ॥

ਗੁਰਮੁਖਿ ਢੂੰਢਿ ਢੂਢੇਦਿਆ ਹਰਿ ਸਜਣੁ ਲਧਾ ਰਾਮ ਰਾਜੇ ॥
ਕੰਚਨ ਕਾਇਆ ਕੋਟ ਗੜ ਵਿਚਿ ਹਰਿ ਹਰਿ ਸਿਧਾ ॥
ਹਰਿ ਹਰਿ ਹੀਰਾ ਰਤਨੁ ਹੈ ਮੇਰਾ ਮਨੁ ਤਨੁ ਵਿਧਾ ॥
ਧੁਰਿ ਭਾਗ ਵਡੇ ਹਰਿ ਪਾਇਆ ਨਾਨਕ ਰਸਿ ਗੁਧਾ ॥ ੧ ॥

ਸਲੋਕ ਮਃ ੧ ॥ ਘੜੀਆ ਸਭੇ ਗੋਪੀਆ ਪਹਰ ਕੰਨ੍ ਗੋਪਾਲ ॥ ਗਹਣੇ ਪਉਣੁ
ਪਾਣੀ ਬੈਸੰਤਰੁ ਚੰਦੁ ਸੂਰਜੁ ਅਵਤਾਰ ॥ ਸਗਲੀ ਧਰਤੀ ਮਾਲੁ ਧਨੁ ਵਰਤਣਿ

ਸਰਬ ਜੰਜਾਲ ॥ ਨਾਨਕ ਮੁਸੈ ਗਿਆਨ ਵਿਹੂਣੀ ਖਾਇ ਗਇਆ ਜਮਕਾਲੁ ॥
੧ ॥ ਮਃ ੧ ॥ ਵਾਇਨਿ ਚੇਲੇ ਨਚਨਿ ਗੁਰ ॥ ਪੈਰ ਹਲਾਇਨਿ੍ ਫੇਰਨਿ੍ ਸਿਰ ॥
ਉਡਿ ਉਡਿ ਰਾਵਾ ਝਾਟੈ ਪਾਇ ॥ ਵੇਖੈ ਲੋਕੁ ਹਸੈ ਘਰਿ ਜਾਇ ॥ ਰੋਟੀਆ ਕਾਰਣਿ
ਪੂਰਹਿ ਤਾਲ ॥ ਆਪੁ ਪਛਾੜਹਿ ਧਰਤੀ ਨਾਲਿ ॥ ਗਾਵਨਿ ਗੋਪੀਆ ਗਾਵਨਿ
ਕਾਨ੍ ॥ ਗਾਵਨਿ ਸੀਤਾ ਰਾਜੇ ਰਾਮ ॥ ਨਿਰਭਉ ਨਿਰੰਕਾਰੁ ਸਚੁ ਨਾਮੁ ॥ ਜਾ ਕਾ
ਕੀਆ ਸਗਲ ਜਹਾਨੁ ॥ ਸੇਵਕ ਸੇਵਹਿ ਕਰਮਿ ਚੜਾਉ ॥ ਭਿੰਨੀ ਰੈਣਿ ਜਿਨ੍ਾ
ਮਨਿ ਚਾਉ ॥ ਸਿਖੀ ਸਿਖਿਆ ਗੁਰ ਵੀਚਾਰਿ ॥ ਨਦਰੀ ਕਰਮਿ ਲਘਾਏ ਪਾਰਿ ॥
ਕੋਲੂ ਚਰਖਾ ਚਕੀ ਚਕੁ ॥ ਥਲ ਵਾਰੋਲੇ ਬਹੁਤੁ ਅਨੰਤੁ ॥ ਲਾਟੂ ਮਾਧਾਣੀਆ
ਅਨਗਾਹ ॥ ਪੰਖੀ ਭਉਦੀਆ ਲੈਨਿ ਨ ਸਾਹ ॥ ਸੂਐ ਚਾੜਿ ਭਵਾਈਅਹਿ ਜੰਤ ॥
ਨਾਨਕ ਭਉਦਿਆ ਗਣਤ ਨ ਅੰਤ ॥ ਬੰਧਨ ਬੰਧਿ ਭਵਾਏ ਸੋਇ ॥ ਪਇਐ

ਕਿਰਤਿ ਨਚੈ ਸਭੁ ਕੋਇ ॥ ਨਚਿ ਨਚਿ ਹਸਹਿ ਚਲਹਿ ਸੇ ਰੋਇ ॥ ਉਡਿ ਨ ਜਾਹੀ ਸਿਧ ਨ ਹੋਹਿ ॥ ਨਚਣੁ ਕੁਦਣੁ ਮਨ ਕਾ ਚਾਉ ॥ ਨਾਨਕ ਜਿਨ੍ ਮਨਿ ਭਉ ਤਿਨ੍ਾ ਮਨਿ ਭਾਉ ॥ ੨ ॥ ਪਉੜੀ ॥ ਨਾਉ ਤੇਰਾ ਨਿਰੰਕਾਰੁ ਹੈ ਨਾਇ ਲਇਐ ਨਰਕਿ ਨ ਜਾਈਐ ॥ ਜੀਉ ਪਿੰਡੁ ਸਭੁ ਤਿਸ ਦਾ ਦੇ ਖਾਜੈ ਆਖਿ ਗਵਾਈਐ ॥ ਜੇ ਲੋੜਹਿ ਚੰਗਾ ਆਪਣਾ ਕਰਿ ਪੁੰਨਹੁ ਨੀਚੁ ਸਦਾਈਐ ॥ ਜੇ ਜਰਵਾਣਾ ਪਰਹਰੈ ਜਰੁ ਵੇਸ ਕਰੇਦੀ ਆਈਐ ॥ ਕੋ ਰਹੈ ਨ ਭਰੀਐ ਪਾਈਐ ॥ ੫ ॥

ਪੰਥੁ ਦਸਾਵਾ ਨਿਤ ਖੜੀ ਮੁੰਧ ਜੋਬਨਿ ਬਾਲੀ ਰਾਮ ਰਾਜੇ ॥
ਹਰਿ ਹਰਿ ਨਾਮੁ ਚੇਤਾਇ ਗੁਰ ਹਰਿ ਮਾਰਗਿ ਚਾਲੀ ॥
ਮੇਰੈ ਮਨਿ ਤਨਿ ਨਾਮੁ ਆਧਾਰੁ ਹੈ ਹਉਮੈ ਬਿਖੁ ਜਾਲੀ ॥
ਜਨ ਨਾਨਕ ਸਤਿਗੁਰੁ ਮੇਲਿ ਹਰਿ ਹਰਿ ਮਿਲਿਆ ਬਨਵਾਲੀ ॥ ੨ ॥

ਸਲੋਕ ਮਃ ੧ ॥ ਮੁਸਲਮਾਨਾ ਸਿਫਤਿ ਸਰੀਅਤਿ ਪੜਿ ਪੜਿ ਕਰਹਿ ਬੀਚਾਰੁ ॥
ਬੰਦੇ ਸੇ ਜਿ ਪਵਹਿ ਵਿਚਿ ਬੰਦੀ ਵੇਖਣ ਕਉ ਦੀਦਾਰੁ ॥ ਹਿੰਦੂ ਸਾਲਾਹੀ
ਸਾਲਾਹਨਿ ਦਰਸਨਿ ਰੂਪਿ ਅਪਾਰੁ ॥ ਤੀਰਥਿ ਨਾਵਹਿ ਅਰਚਾ ਪੂਜਾ ਅਗਰ
ਵਾਸੁ ਬਹਕਾਰੁ ॥ ਜੋਗੀ ਸੁੰਨਿ ਧਿਆਵਨ੍ਹਿ ਜੇਤੇ ਅਲਖ ਨਾਮੁ ਕਰਤਾਰੁ ॥ ਸੂਖਮ
ਮੂਰਤਿ ਨਾਮੁ ਨਿਰੰਜਨ ਕਾਇਆ ਕਾ ਆਕਾਰੁ ॥ ਸਤੀਆ ਮਨਿ ਸੰਤੋਖੁ ਉਪਜੈ
ਦੇਣੈ ਕੈ ਵੀਚਾਰਿ ॥ ਦੇ ਦੇ ਮੰਗਹਿ ਸਹਸਾ ਗੂਣਾ ਸੋਭ ਕਰੇ ਸੰਸਾਰੁ ॥ ਚੋਰਾ ਜਾਰਾ
ਤੈ ਕੂੜਿਆਰਾ ਖਾਰਾਬਾ ਵੇਕਾਰ ॥ ਇਕਿ ਹੋਦਾ ਖਾਇ ਚਲਹਿ ਐਥਾਊ ਤਿਨਾ
ਭਿ ਕਾਈ ਕਾਰ ॥ ਜਲਿ ਥਲਿ ਜੀਆ ਪੁਰੀਆ ਲੋਆ ਆਕਾਰਾ ਆਕਾਰ ॥
ਓਇ ਜਿ ਆਖਹਿ ਸੁ ਤੂੰਹੈ ਜਾਣਹਿ ਤਿਨਾ ਭਿ ਤੇਰੀ ਸਾਰ ॥ ਨਾਨਕ ਭਗਤਾ
ਭੁਖ ਸਾਲਾਹਣੁ ਸਚੁ ਨਾਮੁ ਆਧਾਰੁ ॥ ਸਦਾ ਅਨੰਦਿ ਰਹਹਿ ਦਿਨੁ ਰਾਤੀ

ਗੁਣਵੰਤਿਆ ਪਾ ਛਾਰੁ ॥ ੧ ॥ ਮਃ ੧ ॥ ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮ੍ਹਿਆਰ ॥ ਘੜਿ ਭਾਂਡੇ ਇਟਾ ਕੀਆ ਜਲਦੀ ਕਰੇ ਪੁਕਾਰ ॥ ਜਲਿ ਜਲਿ ਰੋਵੈ ਬਪੁੜੀ ਝੜਿ ਝੜਿ ਪਵਹਿ ਅੰਗਿਆਰ ॥ ਨਾਨਕ ਜਿਨਿ ਕਰਤੈ ਕਾਰਣੁ ਕੀਆ ਸੋ ਜਾਣੈ ਕਰਤਾਰੁ ॥ ੨ ॥ ਪਉੜੀ ॥ ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ ॥ ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ ॥ ਸਤਿਗੁਰ ਮਿਲਿਐ ਸਦਾ ਮੁਕਤੁ ਹੈ ਜਿਨਿ ਵਿਚਹੁ ਮੋਹੁ ਚੁਕਾਇਆ ॥ ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ ॥ ਜਗਜੀਵਨੁ ਦਾਤਾ ਪਾਇਆ ॥ ੬ ॥

ਗੁਰਮੁਖਿ ਪਿਆਰੇ ਆਇ ਮਿਲੁ ਮੈ ਚਿਰੀ ਵਿਛੁੰਨੇ ਰਾਮ ਰਾਜੇ ॥
ਮੇਰਾ ਮਨੁ ਤਨੁ ਬਹੁਤੁ ਬੈਰਾਗਿਆ ਹਰਿ ਨੈਣ ਰਸਿ ਭਿੰਨੇ ॥

ਮੈ ਹਰਿ ਪ੍ਰਭੁ ਪਿਆਰਾ ਦਸਿ ਗੁਰੁ ਮਿਲਿ ਹਰਿ ਮਨੁ ਮੰਨੇ॥
ਹਉ ਮੂਰਖੁ ਕਾਰੈ ਲਾਈਆ ਨਾਨਕ ਹਰਿ ਕੰਮੇ॥ ੩॥

ਸਲੋਕ ਮਃ ੧॥ ਹਉ ਵਿਚਿ ਆਇਆ ਹਉ ਵਿਚਿ ਗਇਆ॥ ਹਉ ਵਿਚਿ ਜੰਮਿਆ ਹਉ ਵਿਚਿ ਮੁਆ॥ ਹਉ ਵਿਚਿ ਦਿਤਾ ਹਉ ਵਿਚਿ ਲਇਆ॥ ਹਉ ਵਿਚਿ ਖਟਿਆ ਹਉ ਵਿਚਿ ਗਇਆ॥ ਹਉ ਵਿਚਿ ਸਚਿਆਰੁ ਕੂੜਿਆਰੁ॥ ਹਉ ਵਿਚਿ ਪਾਪ ਪੁੰਨ ਵੀਚਾਰੁ॥ ਹਉ ਵਿਚਿ ਨਰਕਿ ਸੁਰਗਿ ਅਵਤਾਰੁ॥ ਹਉ ਵਿਚਿ ਹਸੈ ਹਉ ਵਿਚਿ ਰੋਵੈ॥ ਹਉ ਵਿਚਿ ਭਰੀਐ ਹਉ ਵਿਚਿ ਧੋਵੈ॥ ਹਉ ਵਿਚਿ ਜਾਤੀ ਜਿਨਸੀ ਖੋਵੈ॥ ਹਉ ਵਿਚਿ ਮੂਰਖੁ ਹਉ ਵਿਚਿ ਸਿਆਣਾ॥ ਮੋਖ ਮੁਕਤਿ ਕੀ ਸਾਰ ਨ ਜਾਣਾ॥ ਹਉ ਵਿਚਿ ਮਾਇਆ ਹਉ ਵਿਚਿ ਛਾਇਆ॥ ਹਉਮੈ ਕਰਿ

ਕਰਿ ਜੰਤ ਉਪਾਇਆ॥ ਹਉਮੈ ਬੂਝੈ ਤਾ ਦਰੁ ਸੂਝੈ॥ ਗਿਆਨ ਵਿਹੂਣਾ ਕਥਿ ਕਥਿ ਲੂਝੈ॥ ਨਾਨਕ ਹੁਕਮੀ ਲਿਖੀਐ ਲੇਖੁ॥ ਜੇਹਾ ਵੇਖਹਿ ਤੇਹਾ ਵੇਖੁ॥ ੧॥ ਮਹਲਾ ੨॥ ਹਉਮੈ ਏਹਾ ਜਾਤਿ ਹੈ ਹਉਮੈ ਕਰਮ ਕਮਾਹਿ॥ ਹਉਮੈ ਏਈ ਬੰਧਨਾ ਫਿਰਿ ਫਿਰਿ ਜੋਨੀ ਪਾਹਿ॥ ਹਉਮੈ ਕਿਥਹੁ ਊਪਜੈ ਕਿਤੁ ਸੰਜਮਿ ਇਹ ਜਾਇ॥ ਹਉਮੈ ਏਹੋ ਹੁਕਮੁ ਹੈ ਪਇਐ ਕਿਰਤਿ ਫਿਰਾਹਿ॥ ਹਉਮੈ ਦੀਰਘ ਰੋਗੁ ਹੈ ਦਾਰੂ ਭੀ ਇਸੁ ਮਾਹਿ॥ ਕਿਰਪਾ ਕਰੇ ਜੇ ਆਪਣੀ ਤਾ ਗੁਰ ਕਾ ਸਬਦੁ ਕਮਾਹਿ॥ ਨਾਨਕੁ ਕਹੈ ਸੁਣਹੁ ਜਨਹੁ ਇਤੁ ਸੰਜਮਿ ਦੁਖ ਜਾਹਿ॥ ੨॥ ਪਉੜੀ॥ ਸੇਵ ਕੀਤੀ ਸੰਤੋਖੀਈ ਜਿਨੀ ਸਚੋ ਸਚੁ ਧਿਆਇਆ॥ ਓਨ੍ਹੀ ਮੰਦੈ ਪੈਰੁ ਨ ਰਖਿਓ ਕਰਿ ਸੁਕ੍ਰਿਤੁ ਧਰਮੁ ਕਮਾਇਆ॥ ਓਨ੍ਹੀ ਦੁਨੀਆ ਤੋੜੇ ਬੰਧਨਾ ਅੰਨੁ ਪਾਣੀ ਥੋੜਾ ਖਾਇਆ॥ ਤੂੰ ਬਖਸੀਸੀ ਅਗਲਾ ਨਿਤ ਦੇਵਹਿ ਚੜਹਿ ਸਵਾਇਆ॥

ਵਡਿਆਈ ਵਡਾ ਪਾਇਆ ॥ ੭ ॥

ਗੁਰ ਅੰਮ੍ਰਿਤ ਭਿੰਨੀ ਦੇਹੁਰੀ ਅੰਮ੍ਰਿਤੁ ਬੁਰਕੇ ਰਾਮ ਰਾਜੇ ॥
ਜਿਨਾ ਗੁਰਬਾਣੀ ਮਨਿ ਭਾਈਆ ਅੰਮ੍ਰਿਤਿ ਛਕਿ ਛਕੇ ॥
ਗੁਰ ਤੁਠੈ ਹਰਿ ਪਾਇਆ ਚੂਕੇ ਧਕ ਧਕੇ ॥
ਹਰਿ ਜਨੁ ਹਰਿ ਹਰਿ ਹੋਇਆ ਨਾਨਕੁ ਹਰਿ ਇਕੇ ॥ ੪ ॥ ੨ ॥ ੯ ॥

ਸਲੋਕ ਮਃ ੧ ॥ ਪੁਰਖਾਂ ਬਿਰਖਾਂ ਤੀਰਥਾਂ ਤਟਾਂ ਮੇਘਾਂ ਖੇਤਾਂਹ ॥ ਦੀਪਾਂ ਲੋਆਂ ਮੰਡਲਾਂ ਖੰਡਾਂ ਵਰਭੰਡਾਂਹ ॥ ਅੰਡਜ ਜੇਰਜ ਉਤਭੁਜਾਂ ਖਾਣੀ ਸੇਤਜਾਂਹ ॥ ਸੋ ਮਿਤਿ ਜਾਣੈ ਨਾਨਕਾ ਸਰਾਂ ਮੇਰਾਂ ਜੰਤਾਹ ॥ ਨਾਨਕ ਜੰਤ ਉਪਾਇ ਕੈ ਸੰਮਾਲੇ ਸਭਨਾਹ ॥ ਜਿਨਿ ਕਰਤੈ ਕਰਣਾ ਕੀਆ ਚਿੰਤਾ ਭਿ ਕਰਣੀ ਤਾਹ ॥ ਸੋ ਕਰਤਾ

ਚਿੰਤਾ ਕਰੇ ਜਿਨਿ ਉਪਾਇਆ ਜਗੁ ॥ ਤਿਸੁ ਜੋਹਾਰੀ ਸੁਅਸਤਿ ਤਿਸੁ ਤਿਸੁ ਦੀਬਾਣੁ ਅਭਗੁ ॥ ਨਾਨਕ ਸਚੇ ਨਾਮ ਬਿਨੁ ਕਿਆ ਟਿਕਾ ਕਿਆ ਤਗੁ ॥ ੧ ॥ ਮਃ ੧ ॥ ਲਖ ਨੇਕੀਆ ਚੰਗਿਆਈਆ ਲਖ ਪੁੰਨਾ ਪਰਵਾਣੁ ॥ ਲਖ ਤਪ ਉਪਰਿ ਤੀਰਥਾਂ ਸਹਜ ਜੋਗ ਬੇਬਾਣ ॥ ਲਖ ਸੂਰਤਣ ਸੰਗਰਾਮ ਰਣ ਮਹਿ ਛੁਟਹਿ ਪਰਾਣ ॥ ਲਖ ਸੁਰਤੀ ਲਖ ਗਿਆਨ ਧਿਆਨ ਪੜੀਅਹਿ ਪਾਠ ਪੁਰਾਣ ॥ ਜਿਨਿ ਕਰਤੈ ਕਰਣਾ ਕੀਆ ਲਿਖਿਆ ਆਵਣ ਜਾਣੁ ॥ ਨਾਨਕ ਮਤੀ ਮਿਥਿਆ ਕਰਮੁ ਸਚਾ ਨੀਸਾਣੁ ॥ ੨ ॥ ਪਉੜੀ ॥ ਸਚਾ ਸਾਹਿਬੁ ਏਕੁ ਤੂੰ ਜਿਨਿ ਸਚੋ ਸਚੁ ਵਰਤਾਇਆ ॥ ਜਿਸੁ ਤੂੰ ਦੇਹਿ ਤਿਸੁ ਮਿਲੈ ਸਚੁ ਤਾ ਤਿਨ੍ੀ ਸਚੁ ਕਮਾਇਆ ॥ ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ ਕੈ ਹਿਰਦੈ ਸਚੁ ਵਸਾਇਆ ॥ ਮੂਰਖ ਸਚੁ ਨ ਜਾਣਨ੍ੀ ਮਨਮੁਖੀ ਜਨਮੁ ਗਵਾਇਆ ॥ ਵਿਚਿ

ਦੁਨੀਆ ਕਾਹੇ ਆਇਆ ॥ ੮ ॥

ਆਸਾ ਮਹਲਾ ੪ ॥

ਹਰਿ ਅੰਮ੍ਰਿਤ ਭਗਤਿ ਭੰਡਾਰ ਹੈ ਗੁਰ ਸਤਿਗੁਰ ਪਾਸੇ ਰਾਮ ਰਾਜੇ ॥
ਗੁਰੁ ਸਤਿਗੁਰੁ ਸਚਾ ਸਾਹੁ ਹੈ ਸਿਖ ਦੇਇ ਹਰਿ ਰਾਸੇ ॥
ਧਨੁ ਧੰਨੁ ਵਣਜਾਰਾ ਵਣਜੁ ਹੈ ਗੁਰੁ ਸਾਹੁ ਸਾਬਾਸੇ ॥
ਜਨੁ ਨਾਨਕੁ ਗੁਰੁ ਤਿਨ੍ਹੀ ਪਾਇਆ ਜਿਨ ਧੁਰਿ ਲਿਖਤੁ ਲਿਲਾਟਿ ਲਿਖਾਸੇ ॥ ੧ ॥

ਸਲੋਕੁ ਮਃ ੧ ॥ ਪੜਿ ਪੜਿ ਗਡੀ ਲਦੀਅਹਿ ਪੜਿ ਪੜਿ ਭਰੀਅਹਿ ਸਾਥ ॥
ਪੜਿ ਪੜਿ ਬੇੜੀ ਪਾਈਐ ਪੜਿ ਪੜਿ ਗਡੀਅਹਿ ਖਾਤ ॥ ਪੜੀਅਹਿ ਜੇਤੇ
ਬਰਸ ਬਰਸ ਪੜੀਅਹਿ ਜੇਤੇ ਮਾਸ ॥ ਪੜੀਐ ਜੇਤੀ ਆਰਜਾ ਪੜੀਅਹਿ ਜੇਤੇ

ਸਾਸ ॥ ਨਾਨਕ ਲੇਖੈ ਇਕ ਗਲ ਹੋਰੁ ਹਉਮੈ ਝਖਣਾ ਝਾਖ ॥ ੧ ॥ ਮਃ ੧ ॥ ਲਿਖਿ ਲਿਖਿ ਪੜਿਆ ਤੇਤਾ ਕੜਿਆ ॥ ਬਹੁ ਤੀਰਥ ਭਵਿਆ ਤੇਤੋ ਲਵਿਆ ॥ ਬਹੁ ਭੇਖ ਕੀਆ ਦੇਹੀ ਦੁਖੁ ਦੀਆ ॥ ਸਹੁ ਵੇ ਜੀਆ ਅਪਣਾ ਕੀਆ ॥ ਅੰਨੁ ਨ ਖਾਇਆ ਸਾਦੁ ਗਵਾਇਆ ॥ ਬਹੁ ਦੁਖੁ ਪਾਇਆ ਦੂਜਾ ਭਾਇਆ ॥ ਬਸਤ੍ਰ ਨ ਪਹਿਰੈ ਅਹਿਨਿਸਿ ਕਹਰੈ ॥ ਮੋਨਿ ਵਿਗੂਤਾ ਕਿਉ ਜਾਗੈ ਗੁਰ ਬਿਨੁ ਸੂਤਾ ॥ ਪਗ ਉਪੇਤਾਣਾ ਅਪਣਾ ਕੀਆ ਕਮਾਣਾ ॥ ਅਲੁ ਮਲੁ ਖਾਈ ਸਿਰਿ ਛਾਈ ਪਾਈ ॥ ਮੂਰਖਿ ਅੰਧੈ ਪਤਿ ਗਵਾਈ ॥ ਵਿਣੁ ਨਾਵੈ ਕਿਛੁ ਥਾਇ ਨ ਪਾਈ ॥ ਰਹੈ ਬੇਬਾਣੀ ਮੜੀ ਮਸਾਣੀ ॥ ਅੰਧੁ ਨ ਜਾਣੈ ਫਿਰਿ ਪਛੁਤਾਣੀ ॥ ਸਤਿਗੁਰੁ ਭੇਟੇ ਸੋ ਸੁਖੁ ਪਾਏ ॥ ਹਰਿ ਕਾ ਨਾਮੁ ਮੰਨਿ ਵਸਾਏ ॥ ਨਾਨਕ ਨਦਰਿ ਕਰੇ ਸੋ ਪਾਏ ॥ ਆਸ ਅੰਦੇਸੇ ਤੇ ਨਿਹਕੇਵਲੁ ਹਉਮੈ ਸਬਦਿ ਜਲਾਏ ॥ ੨ ॥ ਪਉੜੀ ॥ ਭਗਤ ਤੇਰੈ

ਮਨਿ ਭਾਵਦੇ ਦਰਿ ਸੋਹਨਿ ਕੀਰਤਿ ਗਾਵਦੇ॥ ਨਾਨਕ ਕਰਮਾ ਬਾਹਰੇ ਦਰਿ ਢੋਅ ਨ ਲਹਨੀ ਧਾਵਦੇ॥ ਇਕਿ ਮੂਲੁ ਨ ਬੁਝਨਿ ਆਪਣਾ ਅਣਹੋਦਾ ਆਪੁ ਗਣਾਇਦੇ॥ ਹਉ ਢਾਢੀ ਕਾ ਨੀਚ ਜਾਤਿ ਹੋਰਿ ਉਤਮ ਜਾਤਿ ਸਦਾਇਦੇ॥ ਤਿਨ੍ ਮੰਗਾ ਜਿ ਤੁਝੈ ਧਿਆਇਦੇ॥ ੯॥

ਸਚੁ ਸਾਹੁ ਹਮਾਰਾ ਤੂੰ ਧਣੀ ਸਭੁ ਜਗਤੁ ਵਣਜਾਰਾ ਰਾਮ ਰਾਜੇ॥
ਸਭ ਭਾਂਡੇ ਤੁਧੈ ਸਾਜਿਆ ਵਿਚਿ ਵਸਤੁ ਹਰਿ ਥਾਰਾ॥
ਜੋ ਪਾਵਹਿ ਭਾਂਡੇ ਵਿਚਿ ਵਸਤੁ ਸਾ ਨਿਕਲੈ ਕਿਆ ਕੋਈ ਕਰੇ ਵੇਚਾਰਾ॥
ਜਨ ਨਾਨਕ ਕਉ ਹਰਿ ਬਖਸਿਆ ਹਰਿ ਭਗਤਿ ਭੰਡਾਰਾ॥ ੨॥

ਸਲੋਕੁ ਮਃ ੧॥ ਕੂੜੁ ਰਾਜਾ ਕੂੜੁ ਪਰਜਾ ਕੂੜੁ ਸਭੁ ਸੰਸਾਰੁ॥ ਕੂੜੁ ਮੰਡਪ ਕੂੜੁ

ਮਾੜੀ ਕੂੜੁ ਬੈਸਣਹਾਰੁ ॥ ਕੂੜੁ ਸੁਇਨਾ ਕੂੜੁ ਰੁਪਾ ਕੂੜੁ ਪੈਨ੍ਹਣਹਾਰੁ ॥ ਕੂੜੁ ਕਾਇਆ ਕੂੜੁ ਕਪੜੁ ਕੂੜੁ ਰੂਪੁ ਅਪਾਰੁ ॥ ਕੂੜੁ ਮੀਆ ਕੂੜੁ ਬੀਬੀ ਖਪਿ ਹੋਏ ਖਾਰੁ ॥ ਕੂੜਿ ਕੂੜੈ ਨੇਹੁ ਲਗਾ ਵਿਸਰਿਆ ਕਰਤਾਰੁ ॥ ਕਿਸੁ ਨਾਲਿ ਕੀਚੈ ਦੋਸਤੀ ਸਭੁ ਜਗੁ ਚਲਣਹਾਰੁ ॥ ਕੂੜੁ ਮਿਠਾ ਕੂੜੁ ਮਾਖਿਉ ਕੂੜੁ ਡੋਬੇ ਪੂਰੁ ॥ ਨਾਨਕੁ ਵਖਾਣੈ ਬੇਨਤੀ ਤੁਧੁ ਬਾਝੁ ਕੂੜੋ ਕੂੜੁ ॥ ੧ ॥ ਮਃ ੧ ॥ ਸਚੁ ਤਾ ਪਰੁ ਜਾਣੀਐ ਜਾ ਰਿਦੈ ਸਚਾ ਹੋਇ ॥ ਕੂੜ ਕੀ ਮਲੁ ਉਤਰੈ ਤਨੁ ਕਰੇ ਹਛਾ ਧੋਇ ॥ ਸਚੁ ਤਾ ਪਰੁ ਜਾਣੀਐ ਜਾ ਸਚਿ ਧਰੇ ਪਿਆਰੁ ॥ ਨਾਉ ਸੁਣਿ ਮਨੁ ਰਹਸੀਐ ਤਾ ਪਾਏ ਮੋਖ ਦੁਆਰੁ ॥ ਸਚੁ ਤਾ ਪਰੁ ਜਾਣੀਐ ਜਾ ਜੁਗਤਿ ਜਾਣੈ ਜੀਉ ॥ ਧਰਤਿ ਕਾਇਆ ਸਾਧਿ ਕੈ ਵਿਚਿ ਦੇਇ ਕਰਤਾ ਬੀਉ ॥ ਸਚੁ ਤਾ ਪਰੁ ਜਾਣੀਐ ਜਾ ਸਿਖ ਸਚੀ ਲੇਇ ॥ ਦਇਆ ਜਾਣੈ ਜੀਅ ਕੀ ਕਿਛੁ ਪੁੰਨੁ ਦਾਨੁ ਕਰੇਇ ॥ ਸਚੁ

ਤਾਂ ਪਰੁ ਜਾਣੀਐ ਜਾ ਆਤਮ ਤੀਰਥਿ ਕਰੇ ਨਿਵਾਸੁ ॥ ਸਤਿਗੁਰੂ ਨੋ ਪੁਛਿ ਕੈ ਬਹਿ ਰਹੈ ਕਰੇ ਨਿਵਾਸੁ ॥ ਸਚੁ ਸਭਨਾ ਹੋਇ ਦਾਰੂ ਪਾਪ ਕਢੈ ਧੋਇ ॥ ਨਾਨਕੁ ਵਖਾਣੈ ਬੇਨਤੀ ਜਿਨ ਸਚੁ ਪਲੈ ਹੋਇ ॥ ੨ ॥ ਪਉੜੀ ॥ ਦਾਨੁ ਮਹਿੰਡਾ ਤਲੀ ਖਾਕੁ ਜੇ ਮਿਲੈ ਤ ਮਸਤਕਿ ਲਾਈਐ ॥ ਕੂੜਾ ਲਾਲਚੁ ਛਡੀਐ ਹੋਇ ਇਕ ਮਨਿ ਅਲਖੁ ਧਿਆਈਐ ॥ ਫਲੁ ਤੇਵੇਹੋ ਪਾਈਐ ਜੇਵੇਹੀ ਕਾਰ ਕਮਾਈਐ ॥ ਜੇ ਹੋਵੈ ਪੂਰਬਿ ਲਿਖਿਆ ਤਾ ਧੂੜਿ ਤਿਨ੍ਾ ਦੀ ਪਾਈਐ ॥ ਮਤਿ ਥੋੜੀ ਸੇਵ ਗਵਾਈਐ ॥ ੧੦ ॥

ਹਮ ਕਿਆ ਗੁਣ ਤੇਰੇ ਵਿਥਰਹ ਸੁਆਮੀ ਤੂੰ ਅਪਰ ਅਪਾਰੋ ਰਾਮ ਰਾਜੇ ॥
ਹਰਿ ਨਾਮੁ ਸਾਲਾਹਹ ਦਿਨੁ ਰਾਤਿ ਏਹਾ ਆਸ ਆਧਾਰੋ ॥

ਹਮ ਮੂਰਖ ਕਿਛੂਅ ਨ ਜਾਣਹਾ ਕਿਵ ਪਾਵਹ ਪਾਰੋ॥
ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਦਾਸ ਪਨਿਹਾਰੋ॥ ੩॥

ਸਲੋਕੁ ਮਃ ੧॥ ਸਚਿ ਕਾਲੁ ਕੂੜੁ ਵਰਤਿਆ ਕਲਿ ਕਾਲਖ ਬੇਤਾਲ॥ ਬੀਉ ਬੀਜਿ ਪਤਿ ਲੈ ਗਏ ਅਬ ਕਿਉ ਉਗਵੈ ਦਾਲਿ॥ ਜੇ ਇਕੁ ਹੋਇ ਤ ਉਗਵੈ ਰੁਤੀ ਹੂ ਰੁਤਿ ਹੋਇ॥ ਨਾਨਕ ਪਾਹੈ ਬਾਹਰਾ ਕੋਰੈ ਰੰਗੁ ਨ ਸੋਇ॥ ਭੈ ਵਿਚਿ ਖੁੰਬਿ ਚੜਾਈਐ ਸਰਮੁ ਪਾਹੁ ਤਨਿ ਹੋਇ॥ ਨਾਨਕ ਭਗਤੀ ਜੇ ਰਪੈ ਕੂੜੈ ਸੋਇ ਨ ਕੋਇ॥ ੧॥ ਮਃ ੧॥ ਲਬੁ ਪਾਪੁ ਦੁਇ ਰਾਜਾ ਮਹਤਾ ਕੂੜੁ ਹੋਆ ਸਿਕਦਾਰੁ॥ ਕਾਮੁ ਨੇਬੁ ਸਦਿ ਪੁਛੀਐ ਬਹਿ ਬਹਿ ਕਰੇ ਬੀਚਾਰੁ॥ ਅੰਧੀ ਰਯਤਿ ਗਿਆਨ ਵਿਹੂਣੀ ਭਾਹਿ ਭਰੇ ਮੁਰਦਾਰੁ॥ ਗਿਆਨੀ ਨਚਹਿ ਵਾਜੇ ਵਾਵਹਿ ਰੂਪ ਕਰਹਿ

ਸੀਗਾਰੁ ॥ ਊਚੇ ਕੂਕਹਿ ਵਾਦਾ ਗਾਵਹਿ ਜੋਧਾ ਕਾ ਵੀਚਾਰੁ ॥ ਮੂਰਖ ਪੰਡਿਤ ਹਿਕਮਤਿ ਹੁਜਤਿ ਸੰਜੈ ਕਰਹਿ ਪਿਆਰੁ ॥ ਧਰਮੀ ਧਰਮੁ ਕਰਹਿ ਗਾਵਾਵਹਿ ਮੰਗਹਿ ਮੋਖ ਦੁਆਰੁ ॥ ਜਤੀ ਸਦਾਵਹਿ ਜੁਗਤਿ ਨ ਜਾਣਹਿ ਛਡਿ ਬਹਹਿ ਘਰ ਬਾਰੁ ॥ ਸਭੁ ਕੋ ਪੂਰਾ ਆਪੇ ਹੋਵੈ ਘਟਿ ਨ ਕੋਈ ਆਖੈ ॥ ਪਤਿ ਪਰਵਾਣਾ ਪਿਛੈ ਪਾਈਐ ਤਾ ਨਾਨਕ ਤੋਲਿਆ ਜਾਪੈ ॥ ੨ ॥ ਮਃ ੧ ॥ ਵਦੀ ਸੁ ਵਜਗਿ ਨਾਨਕਾ ਸਚਾ ਵੇਖੈ ਸੋਇ ॥ ਸਭਨੀ ਛਾਲਾ ਮਾਰੀਆ ਕਰਤਾ ਕਰੇ ਸੁ ਹੋਇ ॥ ਅਗੈ ਜਾਤਿ ਨ ਜੋਰੁ ਹੈ ਅਗੈ ਜੀਉ ਨਵੇ ॥ ਜਿਨ੍ ਕੀ ਲੇਖੈ ਪਤਿ ਪਵੈ ਚੰਗੇ ਸੇਈ ਕੇਇ ॥ ੩ ॥ ਪਉੜੀ ॥ ਧੁਰਿ ਕਰਮੁ ਜਿਨ੍ਾ ਕਉ ਤੁਧੁ ਪਾਇਆ ਤਾ ਤਿਨੀ ਖਸਮੁ ਧਿਆਇਆ ॥ ਏਨ੍ਾ ਜੰਤਾ ਕੈ ਵਸਿ ਕਿਛੁ ਨਾਹੀ ਤੁਧੁ ਵੇਕੀ ਜਗਤੁ ਉਪਾਇਆ ॥ ਇਕਨਾ ਨੋ ਤੂੰ ਮੇਲਿ ਲੈਹਿ ਇਕਿ ਆਪਹੁ ਤੁਧੁ ਖੁਆਇਆ ॥

ਗੁਰ ਕਿਰਪਾ ਤੇ ਜਾਣਿਆ ਜਿਥੈ ਤੁਧੁ ਆਪੁ ਬੁਝਾਇਆ॥ ਸਹਜੇ ਹੀ ਸਚਿ ਸਮਾਇਆ॥ ੧੧॥

ਜਿਉ ਭਾਵੈ ਤਿਉ ਰਾਖਿ ਲੈ ਹਮ ਸਰਣਿ ਪ੍ਰਭ ਆਏ ਰਾਮ ਰਾਜੇ॥
ਹਮ ਭੂਲਿ ਵਿਗਾੜਹ ਦਿਨਸੁ ਰਾਤਿ ਹਰਿ ਲਾਜ ਰਖਾਏ॥
ਹਮ ਬਾਰਿਕ ਤੂੰ ਗੁਰੁ ਪਿਤਾ ਹੈ ਦੇ ਮਤਿ ਸਮਝਾਏ॥
ਜਨੁ ਨਾਨਕੁ ਦਾਸੁ ਹਰਿ ਕਾਂਢਿਆ ਹਰਿ ਪੈਜ ਰਖਾਏ॥ ੪॥ ੩॥ ੧੦॥

ਸਲੋਕੁ ਮਃ ੧॥ ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ॥ ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ॥ ੧॥ ਬਲਿਹਾਰੀ ਕੁਦਰਤਿ ਵਸਿਆ॥ ਤੇਰਾ ਅੰਤੁ ਨ ਜਾਈ ਲਖਿਆ॥ ੧॥ ਰਹਾਉ॥ ਜਾਤਿ ਮਹਿ ਜੋਤਿ

ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ॥ ਤੂੰ ਸਚਾ ਸਾਹਿਬੁ ਸਿਫਤਿ ਸੁਆਲਿ੍ਉ ਜਿਨਿ ਕੀਤੀ ਸੋ ਪਾਰਿ ਪਇਆ॥ ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ॥ ੨॥ ਮਃ ੨॥ ਜੋਗ ਸਬਦੰ ਗਿਆਨ ਸਬਦੰ ਬੇਦ ਸਬਦੰ ਬ੍ਰਾਹਮਣਹ॥ ਖਤ੍ਰੀ ਸਬਦੰ ਸੂਰ ਸਬਦੰ ਸੂਦ੍ਰ ਸਬਦੰ ਪਰਾਕ੍ਰਿਤਹ॥ ਸਰਬ ਸਬਦੰ ਏਕ ਸਬਦੰ ਜੇ ਕੋ ਜਾਣੈ ਭੇਉ॥ ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ॥ ੩॥ ਮਃ ੨॥ ਏਕ ਕ੍ਰਿਸਨੰ ਸਰਬ ਦੇਵਾ ਦੇਵ ਦੇਵਾ ਤ ਆਤਮਾ॥ ਆਤਮਾ ਬਾਸੁਦੇਵਸ੍ਿ ਜੇ ਕੋ ਜਾਣੈ ਭੇਉ॥ ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ॥ ੪॥ ਮਃ ੧॥ ਕੁੰਭੇ ਬਧਾ ਜਲੁ ਰਹੈ ਜਲ ਬਿਨੁ ਕੁੰਭੁ ਨ ਹੋਇ॥ ਗਿਆਨ ਕਾ ਬਧਾ ਮਨੁ ਰਹੈ ਗੁਰ ਬਿਨੁ ਗਿਆਨੁ ਨ ਹੋਇ॥ ੫॥ ਪਉੜੀ॥ ਪੜਿਆ ਹੋਵੈ ਗੁਨਹਗਾਰੁ ਤਾ ਓਮੀ ਸਾਧੁ ਨ ਮਾਰੀਐ॥ ਜੇਹਾ ਘਾਲੇ

ਘਾਲਣਾ ਤੇਵੇਹੋ ਨਾਉ ਪਚਾਰੀਐ ॥ ਐਸੀ ਕਲਾ ਨ ਖੇਡੀਐ ਜਿਤੁ ਦਰਗਹ ਗਇਆ ਹਾਰੀਐ ॥ ਪੜਿਆ ਅਤੈ ਓਮੀਆ ਵੀਚਾਰੁ ਅਗੈ ਵੀਚਾਰੀਐ ॥ ਮੁਹਿ ਚਲੈ ਸੁ ਅਗੈ ਮਾਰੀਐ ॥ ੧੨ ॥

ਆਸਾ ਮਹਲਾ ੪ ॥

ਜਿਨ ਮਸਤਕਿ ਧੁਰਿ ਹਰਿ ਲਿਖਿਆ ਤਿਨਾ ਸਤਿਗੁਰੁ ਮਿਲਿਆ ਰਾਮ ਰਾਜੇ ॥ ਅਗਿਆਨੁ ਅੰਧੇਰਾ ਕਟਿਆ ਗੁਰ ਗਿਆਨੁ ਘਟਿ ਬਲਿਆ ॥ ਹਰਿ ਲਧਾ ਰਤਨੁ ਪਦਾਰਥੋ ਫਿਰਿ ਬਹੁੜਿ ਨ ਚਲਿਆ ॥ ਜਨ ਨਾਨਕ ਨਾਮੁ ਆਰਾਧਿਆ ਆਰਾਧਿ ਹਰਿ ਮਿਲਿਆ ॥ ੧ ॥

ਸਲੋਕੁ ਮਃ ੧ ॥ ਨਾਨਕ ਮੇਰੁ ਸਰੀਰ ਕਾ ਇਕੁ ਰਥੁ ਇਕੁ ਰਥਵਾਹੁ ॥ ਜੁਗੁ ਜੁਗੁ

ਫੇਰਿ ਵਟਾਈਅਹਿ ਗਿਆਨੀ ਬੁਝਹਿ ਤਾਹਿ ॥ ਸਤਜੁਗਿ ਰਥੁ ਸੰਤੋਖੁ ਕਾ ਧਰਮੁ
ਅਗੈ ਰਥਵਾਹੁ ॥ ਤ੍ਰੇਤੈ ਰਥੁ ਜਤੈ ਕਾ ਜੋਰੁ ਅਗੈ ਰਥਵਾਹੁ ॥ ਦੁਆਪੁਰਿ ਰਥੁ ਤਪੈ
ਕਾ ਸਤੁ ਅਗੈ ਰਥਵਾਹੁ ॥ ਕਲਜੁਗਿ ਰਥੁ ਅਗਨਿ ਕਾ ਕੂੜੁ ਅਗੈ ਰਥਵਾਹੁ ॥
੧ ॥ ਮਃ ੧ ॥ ਸਾਮ ਕਹੈ ਸੇਤੰਬਰੁ ਸੁਆਮੀ ਸਚ ਮਹਿ ਆਛੈ ਸਾਚਿ ਰਹੇ ॥ ਸਭੁ ਕੋ
ਸਚਿ ਸਮਾਵੈ ॥ ਰਿਗੁ ਕਹੈ ਰਹਿਆ ਭਰਪੂਰਿ ॥ ਰਾਮ ਨਾਮੁ ਦੇਵਾ ਮਹਿ ਸੂਰੁ ॥
ਨਾਇ ਲਇਐ ਪਰਾਛਤ ਜਾਹਿ ॥ ਨਾਨਕ ਤਉ ਮੋਖੰਤਰੁ ਪਾਹਿ ॥ ਜੁਜ ਮਹਿ
ਜੋਰਿ ਛਲੀ ਚੰਦ੍ਰਾਵਲਿ ਕਾਨ੍ ਕ੍ਰਿਸਨੁ ਜਾਦਮੁ ਭਇਆ ॥ ਪਾਰਜਾਤੁ ਗੋਪੀ ਲੈ
ਆਇਆ ਬਿੰਦ੍ਰਾਬਨ ਮਹਿ ਰੰਗੁ ਕੀਆ ॥ ਕਲਿ ਮਹਿ ਬੇਦੁ ਅਥਰਬਣੁ ਹੂਆ
ਨਾਉ ਖੁਦਾਈ ਅਲਹੁ ਭਇਆ ॥ ਨੀਲ ਬਸਤ੍ਰ ਲੇ ਕਪੜੇ ਪਹਿਰੇ ਤੁਰਕ ਪਠਾਣੀ
ਅਮਲੁ ਕੀਆ ॥ ਚਾਰੇ ਵੇਦ ਹੋਏ ਸਚਿਆਰ ॥ ਪੜਹਿ ਗੁਣਹਿ ਤਿਨ੍ ਚਾਰ

ਵੀਚਾਰ॥ ਭਾਉ ਭਗਤਿ ਕਰਿ ਨੀਚੁ ਸਦਾਏ॥ ਤਉ ਨਾਨਕ ਮੋਖੰਤਰੁ ਪਾਏ॥ ੨॥ ਪਉੜੀ॥ ਸਤਿਗੁਰ ਵਿਟਹੁ ਵਾਰਿਆ ਜਿਤੁ ਮਿਲਿਐ ਖਸਮੁ ਸਮਾਲਿਆ॥ ਜਿਨਿ ਕਰਿ ਉਪਦੇਸੁ ਗਿਆਨ ਅੰਜਨੁ ਦੀਆ ਇਨ੍ਹੀ ਨੇਤ੍ਰੀ ਜਗਤੁ ਨਿਹਾਲਿਆ॥ ਖਸਮੁ ਛੋਡਿ ਦੂਜੈ ਲਗੇ ਡੁਬੇ ਸੇ ਵਣਜਾਰਿਆ॥ ਸਤਿਗੁਰੂ ਹੈ ਬੋਹਿਥਾ ਵਿਰਲੈ ਕਿਨੈ ਵੀਚਾਰਿਆ॥ ਕਰਿ ਕਿਰਪਾ ਪਾਰਿ ਉਤਾਰਿਆ॥ ੧੩॥

ਜਿਨੀ ਐਸਾ ਹਰਿ ਨਾਮੁ ਨ ਚੇਤਿਓ ਸੇ ਕਾਹੇ ਜਗਿ ਆਏ ਰਾਮ ਰਾਜੇ॥
ਇਹੁ ਮਾਣਸ ਜਨਮੁ ਦੁਲੰਭੁ ਹੈ ਨਾਮ ਬਿਨਾ ਬਿਰਥਾ ਸਭੁ ਜਾਏ॥
ਹੁਣਿ ਵਤੈ ਹਰਿ ਨਾਮੁ ਨ ਬੀਜਿਓ ਅਗੈ ਭੁਖਾ ਕਿਆ ਖਾਏ॥
ਮਨਮੁਖਾ ਨੋ ਫਿਰਿ ਜਨਮੁ ਹੈ ਨਾਨਕ ਹਰਿ ਭਾਏ॥ ੨॥

ਸਲੋਕੁ ਮਃ ੧ ॥ ਸਿੰਮਲ ਰੁਖੁ ਸਰਾਇਰਾ ਅਤਿ ਦੀਰਘ ਅਤਿ ਮੁਚੁ ॥ ਓਇ ਜਿ ਆਵਹਿ ਆਸ ਕਰਿ ਜਾਹਿ ਨਿਰਾਸੇ ਕਿਤੁ ॥ ਫਲ ਫਿਕੇ ਫੁਲ ਬਕਬਕੇ ਕੰਮਿ ਨ ਆਵਹਿ ਪਤ ॥ ਮਿਠਤੁ ਨੀਵੀ ਨਾਨਕਾ ਗੁਣ ਚੰਗਿਆਈਆ ਤਤੁ ॥ ਸਭੁ ਕੋ ਨਿਵੈ ਆਪ ਕਉ ਪਰ ਕਉ ਨਿਵੈ ਨ ਕੋਇ ॥ ਧਰਿ ਤਾਰਾਜੂ ਤੋਲੀਐ ਨਿਵੈ ਸੁ ਗਉਰਾ ਹੋਇ ॥ ਅਪਰਾਧੀ ਦੂਣਾ ਨਿਵੈ ਜੋ ਹੰਤਾ ਮਿਰਗਾਹਿ ॥ ਸੀਸਿ ਨਿਵਾਇਐ ਕਿਆ ਥੀਐ ਜਾ ਰਿਦੈ ਕੁਸੁਧੇ ਜਾਹਿ ॥ ੧ ॥ ਮਃ ੧ ॥ ਪੜਿ ਪੁਸਤਕ ਸੰਧਿਆ ਬਾਦੰ ॥ ਸਿਲ ਪੂਜਸਿ ਬਗੁਲ ਸਮਾਧੰ ॥ ਮੁਖਿ ਝੂਠ ਬਿਭੂਖਣ ਸਾਰੰ ॥ ਤ੍ਰੈਪਾਲ ਤਿਹਾਲ ਬਿਚਾਰੰ ॥ ਗਲਿ ਮਾਲਾ ਤਿਲਕੁ ਲਿਲਾਟੰ ॥ ਦੁਇ ਧੋਤੀ ਬਸਤ੍ਰ ਕਪਾਟੰ ॥ ਜੇ ਜਾਣਸਿ ਬ੍ਰਹਮੰ ਕਰਮੰ ॥ ਸਭਿ ਫੋਕਟ ਨਿਸਚਉ ਕਰਮੰ ॥ ਕਹੁ ਨਾਨਕ ਨਿਹਚਉ ਧਿਆਵੈ ॥ ਵਿਣੁ ਸਤਿਗੁਰ ਵਾਟ ਨ ਪਾਵੈ ॥ ੨ ॥ ਪਉੜੀ ॥

ਕਪੜੁ ਰੂਪੁ ਸੁਹਾਵਣਾ ਛਡਿ ਦੁਨੀਆ ਅੰਦਰਿ ਜਾਵਣਾ॥ ਮੰਦਾ ਚੰਗਾ ਆਪਣਾ ਆਪੇ ਹੀ ਕੀਤਾ ਪਾਵਣਾ॥ ਹੁਕਮ ਕੀਏ ਮਨਿ ਭਾਵਦੇ ਰਾਹਿ ਭੀੜੈ ਅਗੈ ਜਾਵਣਾ॥ ਨੰਗਾ ਦੋਜਕਿ ਚਾਲਿਆ ਤਾ ਦਿਸੈ ਖਰਾ ਡਰਾਵਣਾ॥ ਕਰਿ ਅਉਗਣ ਪਛੋਤਾਵਣਾ॥ ੧੪॥

ਤੂੰ ਹਰਿ ਤੇਰਾ ਸਭੁ ਕੋ ਸਭਿ ਤੁਧੁ ਉਪਾਏ ਰਾਮ ਰਾਜੇ॥
ਕਿਛੁ ਹਾਥਿ ਕਿਸੈ ਦੈ ਕਿਛੁ ਨਾਹੀ ਸਭਿ ਚਲਹਿ ਚਲਾਏ॥
ਜਿਨ ਤੂੰ ਮੇਲਹਿ ਪਿਆਰੇ ਸੇ ਤੁਧੁ ਮਿਲਹਿ ਜੋ ਹਰਿ ਮਨਿ ਭਾਏ॥
ਜਨ ਨਾਨਕ ਸਤਿਗੁਰੁ ਭੇਟਿਆ ਹਰਿ ਨਾਮਿ ਤਰਾਏ॥ ੩॥

ਸਲੋਕੁ ਮਃ ੧॥ ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ॥ ਏਹੁ ਜਨੇਊ

ਜੀਅ ਕਾ ਹਈ ਤ ਪਾਡੇ ਘਤੁ ॥ ਨਾ ਏਹੁ ਤੁਟੈ ਨਾ ਮਲੁ ਲਗੈ ਨਾ ਏਹੁ ਜਲੈ ਨ
ਜਾਇ ॥ ਧੰਨੁ ਸੁ ਮਾਣਸ ਨਾਨਕਾ ਜੋ ਗਲਿ ਚਲੇ ਪਾਇ ॥ ਚਉਕੜਿ ਮੁਲਿ
ਅਣਾਇਆ ਬਹਿ ਚਉਕੈ ਪਾਇਆ ॥ ਸਿਖਾ ਕੰਨਿ ਚੜਾਈਆ ਗੁਰੁ ਬ੍ਰਾਹਮਣੁ
ਥਿਆ ॥ ਓਹੁ ਮੁਆ ਓਹੁ ਝੜਿ ਪਇਆ ਵੇਤਗਾ ਗਇਆ ॥ ੧ ॥ ਮਃ ੧ ॥ ਲਖ
ਚੋਰੀਆ ਲਖ ਜਾਰੀਆ ਲਖ ਕੂੜੀਆ ਲਖ ਗਾਲਿ ॥ ਲਖ ਠਗੀਆ
ਪਹਿਨਾਮੀਆ ਰਾਤਿ ਦਿਨਸੁ ਜੀਅ ਨਾਲਿ ॥ ਤਗੁ ਕਪਾਹਹੁ ਕਤੀਐ ਬਾਮ੍ਹਣੁ
ਵਟੇ ਆਇ ॥ ਕੁਹਿ ਬਕਰਾ ਰਿੰਨ੍ਹਿ ਖਾਇਆ ਸਭੁ ਕੋ ਆਖੈ ਪਾਇ ॥ ਹੋਇ ਪੁਰਾਣਾ
ਸੁਟੀਐ ਭੀ ਫਿਰਿ ਪਾਈਐ ਹੋਰੁ ॥ ਨਾਨਕ ਤਗੁ ਨ ਤੁਟਈ ਜੇ ਤਗਿ ਹੋਵੈ ਜੋਰੁ ॥
੨ ॥ ਮਃ ੧ ॥ ਨਾਇ ਮੰਨਿਐ ਪਤਿ ਊਪਜੈ ਸਾਲਾਹੀ ਸਚੁ ਸੂਤੁ ॥ ਦਰਗਹ ਅੰਦਰਿ
ਪਾਈਐ ਤਗੁ ਨ ਤੂਟਸਿ ਪੂਤ ॥ ੩ ॥ ਮਃ ੧ ॥ ਤਗੁ ਨ ਇੰਦ੍ਰੀ ਤਗੁ ਨ ਨਾਰੀ ॥

ਭਲਕੇ ਥੁਕ ਪਵੈ ਨਿਤ ਦਾੜੀ ॥ ਤਗੁ ਨ ਪੈਰੀ ਤਗੁ ਨ ਹਥੀ ॥ ਤਗੁ ਨ ਜਿਹਵਾ ਤਗੁ ਨ ਅਖੀ ॥ ਵੇਤਗਾ ਆਪੇ ਵਤੈ ॥ ਵਟਿ ਧਾਗੇ ਅਵਰਾ ਘਤੈ ॥ ਲੈ ਭਾੜਿ ਕਰੇ ਵੀਆਹੁ ॥ ਕਢਿ ਕਾਗਲੁ ਦਸੇ ਰਾਹੁ ॥ ਸੁਣਿ ਵੇਖਹੁ ਲੋਕਾ ਏਹੁ ਵਿਡਾਣੁ ॥ ਮਨਿ ਅੰਧਾ ਨਾਉ ਸੁਜਾਣੁ ॥ ੪ ॥ ਪਉੜੀ ॥ ਸਾਹਿਬੁ ਹੋਇ ਦਇਆਲੁ ਕਿਰਪਾ ਕਰੇ ਤਾ ਸਾਈ ਕਾਰ ਕਰਾਇਸੀ ॥ ਸੋ ਸੇਵਕੁ ਸੇਵਾ ਕਰੇ ਜਿਸਨੋ ਹੁਕਮੁ ਮਨਾਇਸੀ ॥ ਹੁਕਮਿ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹਲੁ ਪਾਇਸੀ ॥ ਖਸਮੈ ਭਾਵੈ ਸੋ ਕਰੇ ਮਨਹੁ ਚਿੰਦਿਆ ਸੋ ਫਲੁ ਪਾਇਸੀ ॥ ਤਾ ਦਰਗਹ ਪੈਧਾ ਜਾਇਸੀ ॥ ੧੫ ॥

ਕੋਈ ਗਾਵੈ ਰਾਗੀ ਨਾਦੀ ਬੇਦੀ ਬਹੁ ਭਾਂਤਿ ਕਰਿ ਨਹੀ
ਹਰਿ ਹਰਿ ਭੀਜੈ ਰਾਮ ਰਾਜੇ ॥

ਜਿਨ੍ਾ ਅੰਤਰਿ ਕਪਟੁ ਵਿਕਾਰੁ ਹੈ ਤਿਨਾ ਰੋਇ ਕਿਆ ਕੀਜੈ ॥
ਹਰਿ ਕਰਤਾ ਸਭੁ ਕਿਛੁ ਜਾਣਦਾ ਸਿਰਿ ਰੋਗ ਹਥੁ ਦੀਜੈ ॥
ਜਿਨ੍ਾ ਨਾਨਕ ਗੁਰਮੁਖਿ ਹਿਰਦਾ ਸੁਧੁ ਹੈ
ਹਰਿ ਭਗਤਿ ਹਰਿ ਲੀਜੈ ॥ ੪ ॥ ੪ ॥ ੧੧ ॥

ਸਲੋਕ ਮਃ ੧ ॥ ਗਊ ਬਿਰਾਹਮਣ ਕਉ ਕਰੁ ਲਾਵਹੁ ਗੋਬਰਿ ਤਰਣੁ ਨ ਜਾਈ ॥ ਧੋਤੀ ਟਿਕਾ ਤੈ ਜਪਮਾਲੀ ਧਾਨੁ ਮਲੇਛਾਂ ਖਾਈ ॥ ਅੰਤਰਿ ਪੂਜਾ ਪੜਹਿ ਕਤੇਬਾ ਸੰਜਮੁ ਤੁਰਕਾ ਭਾਈ ॥ ਛੋਡੀਲੇ ਪਾਖੰਡਾ ॥ ਨਾਮਿ ਲਇਐ ਜਾਹਿ ਤਰੰਦਾ ॥ ੧ ॥
ਮਃ ੧ ॥ ਮਾਣਸ ਖਾਣੇ ਕਰਹਿ ਨਿਵਾਜ ॥ ਛੁਰੀ ਵਗਾਇਨਿ ਤਿਨ ਗਲਿ ਤਾਗ ॥ ਤਿਨ ਘਰਿ ਬ੍ਰਹਮਣ ਪੂਰਹਿ ਨਾਦ ॥ ਉਨ੍ਾ ਭਿ ਆਵਹਿ ਓਈ ਸਾਦ ॥

ਕੂੜੀ ਰਾਸਿ ਕੂੜਾ ਵਾਪਾਰੁ ॥ ਕੂੜੁ ਬੋਲਿ ਕਰਹਿ ਆਹਾਰੁ ॥ ਸਰਮ ਧਰਮ ਕਾ ਡੇਰਾ ਦੂਰਿ ॥ ਨਾਨਕ ਕੂੜੁ ਰਹਿਆ ਭਰਪੂਰਿ ॥ ਮਥੈ ਟਿਕਾ ਤੇੜਿ ਧੋਤੀ ਕਖਾਈ ॥ ਹਥਿ ਛੁਰੀ ਜਗਤ ਕਾਸਾਈ ॥ ਨੀਲ ਵਸਤ੍ਰ ਪਹਿਰਿ ਹੋਵਹਿ ਪਰਵਾਣੁ ॥ ਮਲੇਛ ਧਾਨੁ ਲੇ ਪੂਜਹਿ ਪੁਰਾਣੁ ॥ ਅਭਾਖਿਆ ਕਾ ਕੁਠਾ ਬਕਰਾ ਖਾਣਾ ॥ ਚਉਕੇ ਉਪਰਿ ਕਿਸੈ ਨ ਜਾਣਾ ॥ ਦੇ ਕੈ ਚਉਕਾ ਕਢੀ ਕਾਰ ॥ ਉਪਰਿ ਆਇ ਬੈਠੇ ਕੂੜਿਆਰ ॥ ਮਤੁ ਭਿਟੈ ਵੇ ਮਤੁ ਭਿਟੈ ॥ ਇਹੁ ਅੰਨੁ ਅਸਾਡਾ ਫਿਟੈ ॥ ਤਨਿ ਫਿਟੈ ਫੇੜ ਕਰੇਨਿ ॥ ਮਨਿ ਜੂਠੈ ਚੁਲੀ ਭਰੇਨਿ ॥ ਕਹੁ ਨਾਨਕ ਸਚੁ ਧਿਆਈਐ ॥ ਸੁਚਿ ਹੋਵੈ ਤਾ ਸਚੁ ਪਾਈਐ ॥ ੨ ॥ ਪਉੜੀ ॥ ਚਿਤੈ ਅੰਦਰਿ ਸਭੁ ਕੋ ਵੇਖਿ ਨਦਰੀ ਹੇਠਿ ਚਲਾਇਦਾ ॥ ਆਪੇ ਦੇ ਵਡਿਆਈਆ ਆਪੇ ਹੀ ਕਰਮ ਕਰਾਇਦਾ ॥ ਵਡਹੁ ਵਡਾ ਵਡ ਮੇਦਨੀ ਸਿਰੇ ਸਿਰਿ ਧੰਧੈ ਲਾਇਦਾ ॥ ਨਦਰਿ

ਉਪਠੀ ਜੇ ਕਰੇ ਸੁਲਤਾਨਾ ਘਾਹੁ ਕਰਾਇਦਾ॥ ਦਰਿ ਮੰਗਨਿ ਭਿਖ ਨ ਪਾਇਦਾ॥ ੧੬॥

ਆਸਾ ਮਹਲਾ ੪॥

ਜਿਨ ਅੰਤਰਿ ਹਰਿ ਹਰਿ ਪ੍ਰੀਤਿ ਹੈ ਤੇ ਜਨ ਸੁਘੜ ਸਿਆਣੇ ਰਾਮ ਰਾਜੇ॥
ਜੇ ਬਾਹਰਹੁ ਭੁਲਿ ਚੁਕਿ ਬੋਲਦੇ ਭੀ ਖਰੇ ਹਰਿ ਭਾਣੇ॥
ਹਰਿ ਸੰਤਾ ਨੋ ਹੋਰੁ ਥਾਉ ਨਾਹੀ ਹਰਿ ਮਾਣੁ ਨਿਮਾਣੇ॥
ਜਨ ਨਾਨਕ ਨਾਮੁ ਦੀਬਾਣੁ ਹੈ ਹਰਿ ਤਾਣੁ ਸਤਾਣੇ॥ ੧॥

ਸਲੋਕੁ ਮਃ ੧॥ ਜੇ ਮੋਹਾਕਾ ਘਰੁ ਮੁਹੈ ਘਰੁ ਮੁਹਿ ਪਿਤਰੀ ਦੇਇ॥ ਅਗੈ ਵਸਤੁ ਸਿਞਾਣੀਐ ਪਿਤਰੀ ਚੋਰ ਕਰੇਇ॥ ਵਢੀਅਹਿ ਹਥ ਦਲਾਲ ਕੇ ਮੁਸਫੀ ਏਹ

ਕਰੇਇ॥ ਨਾਨਕ ਅਗੈ ਸੋ ਮਿਲੈ ਜਿ ਖਟੇ ਘਾਲੇ ਦੇਇ॥ ੧॥ ਮਃ ੧॥ ਜਿਉ ਜੋਰੂ ਸਿਰਨਾਵਣੀ ਆਵੈ ਵਾਰੋ ਵਾਰ॥ ਜੂਠੇ ਜੂਠਾ ਮੁਖਿ ਵਸੈ ਨਿਤ ਨਿਤ ਹੋਇ ਖੁਆਰੁ॥ ਸੂਚੇ ਏਹਿ ਨ ਆਖੀਅਹਿ ਬਹਨਿ ਜਿ ਪਿੰਡਾ ਧੋਇ॥ ਸੂਚੇ ਸੇਈ ਨਾਨਕਾ ਜਿਨ੍ ਮਨਿ ਵਸਿਆ ਸੋਇ॥ ੨॥ ਪਉੜੀ॥ ਤੁਰੇ ਪਲਾਣੇ ਪਉਣ ਵੇਗ ਹਰ ਰੰਗੀ ਹਰਮ ਸਵਾਰਿਆ॥ ਕੋਠੇ ਮੰਡਪ ਮਾੜੀਆ ਲਾਇ ਬੈਠੇ ਕਰਿ ਪਾਸਾਰਿਆ॥ ਚੀਜ ਕਰਨਿ ਮਨਿ ਭਾਵਦੇ ਹਰਿ ਬੁਝਨਿ ਨਾਹੀ ਹਾਰਿਆ॥ ਕਰਿ ਫੁਰਮਾਇਸਿ ਖਾਇਆ ਵੇਖਿ ਮਹਲਤਿ ਮਰਣੁ ਵਿਸਾਰਿਆ॥ ਜਰੁ ਆਈ ਜੋਬਨਿ ਹਾਰਿਆ॥ ੧੭॥

ਜਿਥੈ ਜਾਇ ਬਹੈ ਮੇਰਾ ਸਤਿਗੁਰੂ ਸੋ ਥਾਨੁ ਸੁਹਾਵਾ ਰਾਮ ਰਾਜੇ॥
ਗੁਰਸਿਖੀ ਸੋ ਥਾਨੁ ਭਾਲਿਆ ਲੈ ਧੂਰਿ ਮੁਖਿ ਲਾਵਾ॥

ਗੁਰਸਿਖਾ ਕੀ ਘਾਲ ਥਾਇ ਪਈ ਜਿਨ ਹਰਿ ਨਾਮੁ ਧਿਆਵਾ॥
ਜਿਨ੍ ਨਾਨਕੁ ਸਤਿਗੁਰੁ ਪੂਜਿਆ ਤਿਨ ਹਰਿ ਪੂਜ ਕਰਾਵਾ॥ ੨॥

ਸਲੋਕੁ ਮਃ ੧॥ ਜੇ ਕਰਿ ਸੂਤਕੁ ਮੰਨੀਐ ਸਭ ਤੈ ਸੂਤਕੁ ਹੋਇ॥ ਗੋਹੇ ਅਤੈ ਲਕੜੀ ਅੰਦਰਿ ਕੀੜਾ ਹੋਇ॥ ਜੇਤੇ ਦਾਣੇ ਅੰਨ ਕੇ ਜੀਆ ਬਾਝੁ ਨ ਕੋਇ॥ ਪਹਿਲਾ ਪਾਣੀ ਜੀਉ ਹੈ ਜਿਤੁ ਹਰਿਆ ਸਭੁ ਕੋਇ॥ ਸੂਤਕੁ ਕਿਉ ਕਰਿ ਰਖੀਐ ਸੂਤਕੁ ਪਵੈ ਰਸੋਇ॥ ਨਾਨਕ ਸੂਤਕੁ ਏਵ ਨ ਉਤਰੈ ਗਿਆਨੁ ਉਤਾਰੇ ਧੋਇ॥ ੧॥ ਮਃ ੧॥ ਮਨ ਕਾ ਸੂਤਕੁ ਲੋਭੁ ਹੈ ਜਿਹਵਾ ਸੂਤਕੁ ਕੂੜੁ॥ ਅਖੀ ਸੂਤਕੁ ਵੇਖਣਾ ਪਰ ਤ੍ਰਿਅ ਪਰ ਧਨ ਰੂਪੁ॥ ਕੰਨੀ ਸੂਤਕੁ ਕੰਨਿ ਪੈ ਲਾਇਤਬਾਰੀ ਖਾਹਿ॥ ਨਾਨਕ ਹੰਸਾ ਆਦਮੀ ਬਧੇ ਜਮ ਪੁਰਿ ਜਾਹਿ॥ ੨॥ ਮਃ ੧॥ ਸਭੋ ਸੂਤਕੁ ਭਰਮੁ ਹੈ ਦੂਜੈ ਲਗੈ ਜਾਇ॥ ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ॥ ਖਾਣਾ

ਪੀਣਾ ਪਵਿਤ੍ਰੁ ਹੈ ਦਿਤੋਨੁ ਰਿਜਕੁ ਸੰਬਾਹਿ ॥ ਨਾਨਕ ਜਿਨੀ ਗੁਰਮੁਖਿ ਬੁਝਿਆ ਤਿਨ੍ਾ ਸੂਤਕੁ ਨਾਹਿ ॥ ੩ ॥ ਪਉੜੀ ॥ ਸਤਿਗੁਰੁ ਵਡਾ ਕਰਿ ਸਾਲਾਹੀਐ ਜਿਸੁ ਵਿਚਿ ਵਡੀਆ ਵਡਿਆਈਆ ॥ ਸਹਿ ਮੇਲੇ ਤਾ ਨਦਰੀ ਆਈਆ ॥ ਜਾ ਤਿਸੁ ਭਾਣਾ ਤਾ ਮਨਿ ਵਸਾਈਆ ॥ ਕਰਿ ਹੁਕਮੁ ਮਸਤਕਿ ਹਥੁ ਧਰਿ ਵਿਚਹੁ ਮਾਰਿ ਕਢੀਆ ਬੁਰਿਆਈਆ ॥ ਸਹਿ ਤੁਠੈ ਨਉ ਨਿਧਿ ਪਾਈਆ ॥ ੧੮ ॥

ਗੁਰਸਿਖਾ ਮਨਿ ਹਰਿ ਪ੍ਰੀਤਿ ਹੈ ਹਰਿ ਨਾਮ ਹਰਿ ਤੇਰੀ ਰਾਮ ਰਾਜੇ ॥
ਕਰਿ ਸੇਵਹਿ ਪੂਰਾ ਸਤਿਗੁਰੂ ਭੁਖ ਜਾਇ ਲਹਿ ਮੇਰੀ ॥
ਗੁਰਸਿਖਾ ਕੀ ਭੁਖ ਸਭ ਗਈ ਤਿਨ੍ ਪਿਛੈ ਹੋਰ ਖਾਇ ਘਨੇਰੀ ॥
ਜਨ ਨਾਨਕ ਹਰਿ ਪੁੰਨੁ ਬੀਜਿਆ ਫਿਰਿ ਤੋਟਿ ਨ ਆਵੈ ਹਰਿ ਪੁੰਨ ਕੇਰੀ ॥ ੩ ॥

ਸਲੋਕੁ ਮਃ ੧॥ ਪਹਿਲਾ ਸੁਚਾ ਆਪਿ ਹੋਇ ਸੁਚੈ ਬੈਠਾ ਆਇ॥ ਸੁਚੇ ਅਗੈ ਰਖਿਓਨੁ ਕੋਇ ਨ ਭਿਟਿਓ ਜਾਇ॥ ਸੁਚਾ ਹੋਇ ਕੈ ਜੇਵਿਆ ਲਗਾ ਪੜਣਿ ਸਲੋਕੁ॥ ਕੁਹਥੀ ਜਾਈ ਸਟਿਆ ਕਿਸੁ ਏਹੁ ਲਗਾ ਦੋਖੁ॥ ਅੰਨੁ ਦੇਵਤਾ ਪਾਣੀ ਦੇਵਤਾ ਬੈਸੰਤਰੁ ਦੇਵਤਾ ਲੂਣੁ ਪੰਜਵਾ ਪਾਇਆ ਘਿਰਤੁ॥ ਤਾ ਹੋਆ ਪਾਕੁ ਪਵਿਤੁ॥ ਪਾਪੀ ਸਿਉ ਤਨੁ ਗਡਿਆ ਥੁਕਾ ਪਈਆ ਤਿਤੁ॥ ਜਿਤੁ ਮੁਖਿ ਨਾਮੁ ਨ ਊਚਰਹਿ ਬਿਨੁ ਨਾਵੈ ਰਸ ਖਾਹਿ॥ ਨਾਨਕ ਏਵੈ ਜਾਣੀਐ ਤਿਤੁ ਮੁਖਿ ਥੁਕਾ ਪਾਹਿ॥ ੧॥ ਮਃ ੧॥ ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ॥ ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ॥ ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ॥ ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ॥ ਭੰਡਹੁ ਹੀ ਭੰਡੁ ਊਪਜੈ ਭੰਡੈ ਬਾਝੁ ਨ ਕੋਇ॥ ਨਾਨਕ ਭੰਡੈ ਬਾਹਰਾ ਏਕੋ ਸਚਾ ਸੋਇ॥ ਜਿਤੁ ਮੁਖਿ

ਸਦਾ ਸਾਲਾਹੀਐ ਭਾਗਾ ਰਤੀ ਚਾਰਿ॥ ਨਾਨਕ ਤੇ ਮੁਖ ਊਜਲੇ ਤਿਤੁ ਸਚੈ ਦਰਬਾਰਿ॥ ੨॥ ਪਉੜੀ॥ ਸਭੁ ਕੋ ਆਖੈ ਆਪਣਾ ਜਿਸੁ ਨਾਹੀ ਸੋ ਚੁਣਿ ਕਢੀਐ॥ ਕੀਤਾ ਆਪੋ ਆਪਣਾ ਆਪੇ ਹੀ ਲੇਖਾ ਸੰਢੀਐ॥ ਜਾ ਰਹਣਾ ਨਾਹੀ ਐਤੁ ਜਗਿ ਤਾ ਕਾਇਤੁ ਗਾਰਬਿ ਹੰਢੀਐ॥ ਮੰਦਾ ਕਿਸੈ ਨ ਆਖੀਐ ਪੜਿ ਅਖਰੁ ਏਹੋ ਬੁਝੀਐ॥ ਮੂਰਖੈ ਨਾਲਿ ਨ ਲੁਝੀਐ॥ ੧੯॥

ਗੁਰਸਿਖਾ ਮਨਿ ਵਾਧਾਈਆ ਜਿਨ੍ ਮੇਰਾ ਸਤਿਗੁਰੂ ਡਿਠਾ ਰਾਮ ਰਾਜੇ॥
ਕੋਈ ਕਰਿ ਗਲ ਸੁਣਾਵੈ ਹਰਿ ਨਾਮ ਕੀ ਸੋ ਲਗੈ ਗੁਰਸਿਖਾ ਮਨਿ ਮਿਠਾ॥
ਹਰਿ ਦਰਗਹ ਗੁਰਸਿਖ ਪੈਨ੍ਾਈਅਹਿ ਜਿਨ੍ਾ ਮੇਰਾ ਸਤਿਗੁਰੁ ਤੁਠਾ॥
ਜਨ ਨਾਨਕੁ ਹਰਿ ਹਰਿ ਹੋਇਆ ਹਰਿ ਹਰਿ ਮਨਿ ਵੁਠਾ॥ ੪॥ ੫॥ ੧੨॥

ਸਲੋਕੁ ਮਃ ੧ ॥ ਨਾਨਕ ਫਿਕੈ ਬੋਲਿਐ ਤਨੁ ਮਨੁ ਫਿਕਾ ਹੋਇ ॥ ਫਿਕੋ ਫਿਕਾ ਸਦੀਐ ਫਿਕੇ ਫਿਕੀ ਸੋਇ ॥ ਫਿਕਾ ਦਰਗਹ ਸਟੀਐ ਮੁਹਿ ਥੁਕਾ ਫਿਕੇ ਪਾਇ ॥ ਫਿਕਾ ਮੂਰਖੁ ਆਖੀਐ ਪਾਣਾ ਲਹੈ ਸਜਾਇ ॥ ੧ ॥ ਮਃ ੧ ॥ ਅੰਦਰਹੁ ਝੂਠੇ ਪੈਜ ਬਾਹਰਿ ਦੁਨੀਆ ਅੰਦਰਿ ਫੈਲੁ ॥ ਅਠਸਠਿ ਤੀਰਥ ਜੇ ਨਾਵਹਿ ਉਤਰੈ ਨਾਹੀ ਮੈਲੁ ॥ ਜਿਨ੍ ਪਟੁ ਅੰਦਰਿ ਬਾਹਰਿ ਗੁਦੜੁ ਤੇ ਭਲੇ ਸੰਸਾਰਿ ॥ ਤਿਨ੍ ਨੇਹੁ ਲਗਾ ਰਬ ਸੇਤੀ ਦੇਖਨ੍ੇ ਵੀਚਾਰਿ ॥ ਰੰਗਿ ਹਸਹਿ ਰੰਗਿ ਰੋਵਹਿ ਚੁਪ ਭੀ ਕਰਿ ਜਾਹਿ ॥ ਪਰਵਾਹ ਨਾਹੀ ਕਿਸੈ ਕੇਰੀ ਬਾਝੁ ਸਚੇ ਨਾਹ ॥ ਦਰਿ ਵਾਟ ਉਪਰਿ ਖਰਚੁ ਮੰਗਾ ਜਬੈ ਦੇਇ ਤ ਖਾਹਿ ॥ ਦੀਬਾਨੁ ਏਕੋ ਕਲਮ ਏਕਾ ਹਮਾ ਤੁਮ੍ਾ ਮੇਲੁ ॥ ਦਰਿ ਲਏ ਲੇਖਾ ਪੀੜਿ ਛੁਟੈ ਨਾਨਕਾ ਜਿਉ ਤੇਲੁ ॥ ੨ ॥ ਪਉੜੀ ॥ ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ ॥ ਦੇਖਹਿ ਕੀਤਾ ਆਪਣਾ ਧਰਿ ਕਚੀ ਪਕੀ

ਸਾਰੀਐ ॥ ਜੋ ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ ॥ ਜਿਸ ਕੇ ਜੀਅ ਪਰਾਣ ਹਹਿ ਕਿਉ ਸਾਹਿਬੁ ਮਨਹੁ ਵਿਸਾਰੀਐ ॥ ਆਪਣ ਹਥੀ ਆਪਣਾ ਆਪੇ ਹੀ ਕਾਜੁ ਸਵਾਰੀਐ ॥ ੨੦ ॥

ਆਸਾ ਮਹਲਾ ੪ ॥

ਜਿਨ੍ਾ ਭੇਟਿਆ ਮੇਰਾ ਪੂਰਾ ਸਤਿਗੁਰੂ ਤਿਨ ਹਰਿ ਨਾਮੁ ਦ੍ਰਿੜਾਵੈ ਰਾਮ ਰਾਜੇ ॥ ਤਿਸ ਕੀ ਤ੍ਰਿਸਨਾ ਭੁਖ ਸਭ ਉਤਰੈ ਜੋ ਹਰਿ ਨਾਮੁ ਧਿਆਵੈ ॥ ਜੋ ਹਰਿ ਹਰਿ ਨਾਮੁ ਧਿਆਇਦੇ ਤਿਨ੍ ਜਮੁ ਨੇੜਿ ਨ ਆਵੈ ॥ ਜਨ ਨਾਨਕ ਕਉ ਹਰਿ ਕ੍ਰਿਪਾ ਕਰਿ ਨਿਤ ਜਪੈ ਹਰਿ ਨਾਮੁ ਹਰਿ ਨਾਮਿ ਤਰਾਵੈ ॥ ੧ ॥

ਸਲੋਕੁ ਮਹਲਾ ੨ ॥ ਏਹ ਕਿਨੇਹੀ ਆਸਕੀ ਦੂਜੈ ਲਗੈ ਜਾਇ ॥ ਨਾਨਕ ਆਸਕੁ

ਕਾਂਢੀਐ ਸਦ ਹੀ ਰਹੈ ਸਮਾਇ॥ ਚੰਗੈ ਚੰਗਾ ਕਰਿ ਮੰਨੇ ਮੰਦੈ ਮੰਦਾ ਹੋਇ॥ ਆਸਕੁ ਏਹੁ ਨ ਆਖੀਐ ਜਿ ਲੇਖੈ ਵਰਤੈ ਸੋਇ॥ ੧॥ ਮਹਲਾ ੨॥ ਸਲਾਮੁ ਜਬਾਬੁ ਦੋਵੈ ਕਰੇ ਮੁੰਢਹੁ ਘੁਥਾ ਜਾਇ॥ ਨਾਨਕ ਦੋਵੈ ਕੂੜੀਆ ਥਾਇ ਨ ਕਾਈ ਪਾਇ॥ ੨॥ ਪਉੜੀ॥ ਜਿਤੁ ਸੇਵਿਐ ਸੁਖੁ ਪਾਈਐ ਸੋ ਸਾਹਿਬੁ ਸਦਾ ਸਮ੍ਾਲੀਐ॥ ਜਿਤੁ ਕੀਤਾ ਪਾਈਐ ਆਪਣਾ ਸਾ ਘਾਲ ਬੁਰੀ ਕਿਉ ਘਾਲੀਐ॥ ਮੰਦਾ ਮੂਲਿ ਨ ਕੀਚਈ ਦੇ ਲੰਮੀ ਨਦਰਿ ਨਿਹਾਲੀਐ॥ ਜਿਉ ਸਾਹਿਬ ਨਾਲਿ ਨ ਹਾਰੀਐ ਤੇਵੇਹਾ ਪਾਸਾ ਢਾਲੀਐ॥ ਕਿਛੁ ਲਾਹੇ ਉਪਰਿ ਘਾਲੀਐ॥ ੨੧॥

ਜਿਨੀ੍ ਗੁਰਮੁਖਿ ਨਾਮੁ ਧਿਆਇਆ ਤਿਨਾ੍ ਫਿਰਿ ਬਿਘਨੁ ਨ ਹੋਈ ਰਾਮ ਰਾਜੇ॥ ਜਿਨੀ ਸਤਿਗੁਰੁ ਪੁਰਖੁ ਮਨਾਇਆ ਤਿਨ੍ ਪੂਜੇ ਸਭੁ ਕੋਈ॥

ਜਿਨੀ ਸਤਿਗੁਰੁ ਪਿਆਰਾ ਸੇਵਿਆ ਤਿਨ੍ਾ ਸੁਖੁ ਸਦ ਹੋਈ॥
ਜਿਨ੍ਾ ਨਾਨਕੁ ਸਤਿਗੁਰੁ ਭੇਟਿਆ ਤਿਨ੍ਾ ਮਿਲਿਆ ਹਰਿ ਸੋਈ॥ ੨॥

ਸਲੋਕੁ ਮਹਲਾ ੨॥ ਚਾਕਰੁ ਲਗੈ ਚਾਕਰੀ ਨਾਲੇ ਗਾਰਬੁ ਵਾਦੁ॥ ਗਲਾ ਕਰੇ ਘਣੇਰੀਆ ਖਸਮ ਨ ਪਾਏ ਸਾਦੁ॥ ਆਪੁ ਗਵਾਇ ਸੇਵਾ ਕਰੇ ਤਾ ਕਿਛੁ ਪਾਏ ਮਾਨੁ॥ ਨਾਨਕ ਜਿਸਨੋ ਲਗਾ ਤਿਸੁ ਮਿਲੈ ਲਗਾ ਸੋ ਪਰਵਾਨੁ॥ ੧॥ ਮਹਲਾ ੨॥ ਜੋ ਜੀਇ ਹੋਇ ਸੁ ਉਗਵੈ ਮੁਹ ਕਾ ਕਹਿਆ ਵਾਉ॥ ਬੀਜੇ ਬਿਖੁ ਮੰਗੈ ਅੰਮ੍ਰਿਤੁ ਵੇਖਹੁ ਏਹੁ ਨਿਆਉ॥ ੨॥ ਮਹਲਾ ੨॥ ਨਾਲਿ ਇਆਣੇ ਦੋਸਤੀ ਕਦੇ ਨ ਆਵੈ ਰਾਸਿ॥ ਜੇਹਾ ਜਾਣੈ ਤੇਹੋ ਵਰਤੈ ਵੇਖਹੁ ਕੋ ਨਿਰਜਾਸਿ॥ ਵਸਤੂ ਅੰਦਰਿ ਵਸਤੁ ਸਮਾਵੈ ਦੂਜੀ ਹੋਵੈ ਪਾਸਿ॥ ਸਾਹਿਬ ਸੇਤੀ ਹੁਕਮੁ ਨ ਚਲੈ ਕਹੀ

ਬਣੈ ਅਰਦਾਸਿ॥ ਕੂੜਿ ਕਮਾਣੈ ਕੂੜੋ ਹੋਵੈ ਨਾਨਕ ਸਿਫਤਿ ਵਿਗਾਸਿ॥ ੩॥
ਮਹਲਾ ੨॥ ਨਾਲਿ ਇਆਣੇ ਦੋਸਤੀ ਵਡਾਰੂ ਸਿਉ ਨੇਹੁ॥ ਪਾਣੀ ਅੰਦਰਿ ਲੀਕ
ਜਿਉ ਤਿਸ ਦਾ ਥਾਉ ਨ ਥੇਹੁ॥ ੪॥ ਮਹਲਾ ੨॥ ਹੋਇ ਇਆਣਾ ਕਰੇ ਕੰਮੁ
ਆਣਿ ਨ ਸਕੈ ਰਾਸਿ॥ ਜੇ ਇਕ ਅਧ ਚੰਗੀ ਕਰੇ ਦੂਜੀ ਭੀ ਵੇਰਾਸਿ॥ ੫॥
ਪਉੜੀ॥ ਚਾਕਰੁ ਲਗੈ ਚਾਕਰੀ ਜੇ ਚਲੈ ਖਸਮੈ ਭਾਇ॥ ਹੁਰਮਤਿ ਤਿਸਨੋ
ਅਗਲੀ ਓਹੁ ਵਜਹੁ ਭਿ ਦੂਣਾ ਖਾਇ॥ ਖਸਮੈ ਕਰੇ ਬਰਾਬਰੀ ਫਿਰਿ ਗੈਰਤਿ
ਅੰਦਰਿ ਪਾਇ॥ ਵਜਹੁ ਗਵਾਏ ਅਗਲਾ ਮੁਹੇ ਮੁਹਿ ਪਾਣਾ ਖਾਇ॥ ਜਿਸ ਦਾ
ਦਿਤਾ ਖਾਵਣਾ ਤਿਸੁ ਕਹੀਐ ਸਾਬਾਸਿ॥ ਨਾਨਕ ਹੁਕਮੁ ਨ ਚਲਈ ਨਾਲਿ
ਖਸਮ ਚਲੈ ਅਰਦਾਸਿ॥ ੨੨॥

ਜਿਨ੍ਾ ਅੰਤਰਿ ਗੁਰਮੁਖਿ ਪ੍ਰੀਤਿ ਹੈ ਤਿਨ੍ ਹਰਿ ਰਖਣਹਾਰਾ ਰਾਮ ਰਾਜੇ॥
ਤਿਨ੍ ਕੀ ਨਿੰਦਾ ਕੋਈ ਕਿਆ ਕਰੇ ਜਿਨ੍ ਹਰਿ ਨਾਮੁ ਪਿਆਰਾ॥
ਜਿਨ ਹਰਿ ਸੇਤੀ ਮਨੁ ਮਾਨਿਆ ਸਭ ਦੂਸਟ ਝਖ ਮਾਰਾ॥
ਜਨ ਨਾਨਕ ਨਾਮੁ ਧਿਆਇਆ ਹਰਿ ਰਖਣਹਾਰਾ॥੩॥

ਸਲੋਕੁ ਮਹਲਾ ੨॥ ਏਹ ਕਿਨੇਹੀ ਦਾਤਿ ਆਪਸ ਤੇ ਜੋ ਪਾਈਐ॥ ਨਾਨਕ ਸਾ ਕਰਮਾਤਿ ਸਾਹਿਬ ਤੁਠੈ ਜੋ ਮਿਲੈ॥੧॥ ਮਹਲਾ ੨॥ ਏਹ ਕਿਨੇਹੀ ਚਾਕਰੀ ਜਿਤੁ ਭਉ ਖਸਮ ਨ ਜਾਇ॥ ਨਾਨਕ ਸੇਵਕੁ ਕਾਢੀਐ ਜਿ ਸੇਤੀ ਖਸਮ ਸਮਾਇ॥੨॥
ਪਉੜੀ॥ ਨਾਨਕ ਅੰਤ ਨ ਜਾਪਨੀ ਹਰਿ ਤਾ ਕੇ ਪਾਰਾਵਾਰ॥ ਆਪਿ ਕਰਾਏ ਸਾਖਤੀ ਫਿਰਿ ਆਪਿ ਕਰਾਏ ਮਾਰ॥ ਇਕਨ੍ਾ ਗਲੀ ਜੰਜੀਰੀਆ ਇਕਿ ਤੁਰੀ

ਚੜਹਿ ਬਿਸੀਆਰ॥ ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ॥
ਨਾਨਕ ਕਰਣਾ ਜਿਨਿ ਕੀਆ ਫਿਰਿ ਤਿਸ ਹੀ ਕਰਣੀ ਸਾਰ॥ ੨੩॥

ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ॥
ਹਰਣਾਖਸੁ ਦੁਸਟੁ ਹਰਿ ਮਾਰਿਆ ਪ੍ਰਹਲਾਦੁ ਤਰਾਇਆ॥
ਅਹੰਕਾਰੀਆ ਨਿੰਦਕਾ ਪਿਠਿ ਦੇਇ ਨਾਮਦੇਉ ਮੁਖਿ ਲਾਇਆ॥
ਜਨ ਨਾਨਕ ਐਸਾ ਹਰਿ ਸੇਵਿਆ ਅੰਤਿ ਲਏ ਛਡਾਇਆ॥ ੪॥ ੬॥ ੧੩॥ ੨੦॥

(੪੪੮–੪੫੧)

ਸਲੋਕੁ ਮਃ ੧॥ ਆਪੇ ਭਾਂਡੇ ਸਾਜਿਅਨੁ ਆਪੇ ਪੂਰਣੁ ਦੇਇ॥ ਇਕਨੀ ਦੁਧੁ
ਸਮਾਈਐ ਇਕਿ ਚੁਲੈ੍ ਰਹਨਿ੍ ਚੜੇ॥ ਇਕਿ ਨਿਹਾਲੀ ਪੈ ਸਵਨਿ੍ ਇਕਿ ਉਪਰਿ

ਰਹਨਿ ਖੜੇ ॥ ਤਿਨ੍ਾ ਸਵਾਰੇ ਨਾਨਕਾ ਜਿਨ੍ ਕਉ ਨਦਰਿ ਕਰੇ ॥ ੧ ॥
ਮਹਲਾ ੨ ॥ ਆਪੇ ਸਾਜੇ ਕਰੇ ਆਪਿ ਜਾਈ ਭਿ ਰਖੈ ਆਪਿ ॥ ਤਿਸੁ ਵਿਚਿ ਜੰਤ ਉਪਾਇ ਕੈ ਦੇਖੈ ਥਾਪਿ ਉਥਾਪਿ ॥ ਕਿਸ ਨੋ ਕਹੀਐ ਨਾਨਕਾ ਸਭੁ ਕਿਛੁ ਆਪੇ ਆਪਿ ॥ ੨ ॥ ਪਉੜੀ ॥ ਵਡੇ ਕੀਆ ਵਡਿਆਈਆ ਕਿਛੁ ਕਹਣਾ ਕਹਣੁ ਨ ਜਾਇ ॥ ਸੋ ਕਰਤਾ ਕਾਦਰ ਕਰੀਮੁ ਦੇ ਜੀਆ ਰਿਜਕੁ ਸੰਬਾਹਿ ॥ ਸਾਈ ਕਾਰ ਕਮਾਵਣੀ ਧੁਰਿ ਛੋਡੀ ਤਿੰਨੈ ਪਾਇ ॥ ਨਾਨਕ ਏਕੀ ਬਾਹਰੀ ਹੋਰ ਦੂਜੀ ਨਾਹੀ ਜਾਇ ॥ ਸੋ ਕਰੇ ਜਿ ਤਿਸੈ ਰਜਾਇ ॥ ੨੪ ॥ ੧ ॥ ਸੁਧੁ (੪੬੨-੪੭੫)